ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on

facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 7 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੨ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

# ਦਿੱਲੀ ’ਚ ਢਹਿ-ਢੇਰੀ ਹੋ ਗਈ ਬਿਲਡਿੰਗ

# 1 ਮੌਤ, ਮਲਬੇ ਹੇਠ ਦੱਬੇ ਕਈ ਲੋਕ



**ਨਵੀਂ ਦਿੱਲੀ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਦੱਖਣੀ ਦਿੱਲੀ ਦੇ ਸੱਤਿਆ ਨਿਕੇਤਨ ਖੇਤਰ ਵਿੱਚ ਐਤਵਾਰ ਨੂੰ ਇੱਕ ਇਮਾਰਤ ਢਹਿ ਗਈ, ਜਿਸ ਵਿੱਚ ਕਈ ਲੋਕਾਂ ਦੇ ਮਲਬੇ ਹੇਠ ਫਸਣ ਦਾ ਖਦਸ਼ਾ ਹੈ। ਫਿਲਹਾਲ 1 ਮੌਤ ਦੀ ਪੁਸ਼ਟੀ ਹੋ ਚੁੱਕੀ ਹੈ। ਦਿੱਲੀ ਫਾਇਰ ਸਰਵਿਸ (ਡੀਐਫਐਸ) ਦੇ ਇੱਕ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ। ਵੱਖ-ਵੱਖ ਵਿਭਾਗਾਂ ਦੇ ਅੱਠ ਫਾਇਰ ਇੰਜਣ ਅਤੇ ਕਈ ਬਚਾਅ ਟੀਮਾਂ ਨੂੰ ਘਟਨਾ ਸਥਾਨ ’ਤੇ ਭੇਜਿਆ ਗਿਆ। ਪੁਲਿਸ ਟੀਮਾਂ ਵੀ ਮੌਕੇ ’ਤੇ ਪਹੁੰਚ ਗਈਆਂ ਅਤੇ ਖੇਤਰ ਨੂੰ ਘੇਰ ਲਿਆ ਗਿਆ। ਐਮਰਜੈਂਸੀ ਕਰਮਚਾਰੀਆਂ ਨੇ ਮਲਬੇ ਹੇਠ ਫਸੇ ਲੋਕਾਂ ਲਈ ਖੋਜ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤਾ ਹੈ। ਸਥਾਨਕ ਲੋਕਾਂ ਅਤੇ ਚਸ਼ਮਦੀਦਾਂ ਨੇ ਤੁਰੰਤ ਬਚਾਅ ਕਾਰਜਾਂ ਵਿੱਚ ਸਹਾਇਤਾ ਕਰਨ ਦੀ ਰਿਪੋਰਟ ਦਿੱਤੀ, ਫਸੇ ਲੋਕਾਂ ਦੀ ਭਾਲ ਲਈ ਆਪਣੇ ਨੰਗੇ ਹੱਥਾਂ ਅਤੇ ਉਪਲਬਧ ਉਪਕਰਣਾਂ ਨਾਲ ਮਲਬਾ ਹਟਾਇਆ। ਡੀਐਫਐਸ ਦੇ ਅਨੁਸਾਰ, ਫਾਇਰਫਾਈਟਰਾਂ ਨੇ ਕੁਝ ਲੋਕਾਂ ਨੂੰ ਮਲਬੇ ਵਿੱਚੋਂ ਬਾਹਰ ਕੱਢਿਆ ਅਤੇ ਉਨ੍ਹਾਂ ਨੂੰ ਇਲਾਜ ਲਈ ਨੇੜਲੇ ਹਸਪਤਾਲਾਂ ਵਿੱਚ ਪਹੁੰਚਾਇਆ। ਕੁਝ ਸਥਾਨਕ ਲੋਕਾਂ ਨੇ ਇਸਨੂੰ ਇੱਕ ਘਰ ਦੱਸਿਆ, ਜਦੋਂ ਕਿ ਦੂਜਿਆਂ ਨੇ ਕਿਹਾ ਕਿ ਇਸਨੂੰ ਇੱਕ ਹੋਸਟਲ ਵਜੋਂ ਵਰਤਿਆ ਜਾ ਰਿਹਾ ਸੀ। ਮੌਕੇ ’ਤੇ ਮੌਜੂਦ ਕੁਝ ਲੋਕਾਂ ਨੇ ਖਦਸ਼ਾ ਪ੍ਰਗਟਾਇਆ ਕਿ ਮਲਬੇ ਹੇਠ 15 ਤੋਂ ਵੱਧ ਲੋਕ ਫਸੇ ਹੋ ਸਕਦੇ ਹਨ। ਫਾਇਰ ਵਿਭਾਗ ਇਹ ਪਤਾ ਲਗਾਉਣ ਲਈ ਵੀ ਕਾਰਵਾਈ ਕਰ ਰਿਹਾ ਹੈ ਕਿ ਕੀ ਕੋਈ ਹੋਰ ਮਲਬੇ ਹੇਠ ਫਸਿਆ ਹੋਇਆ ਹੈ। ਘਟਨਾ ਬਾਰੇ ਜਾਣਕਾਰੀ ਦੀ ਉਡੀਕ ਹੈ। ਪੁਲਸ ਸਥਾਨਕ ਲੋਕਾਂ ਅਤੇ ਮੌਕੇ ’ਤੇ ਮੌਜੂਦ ਹੋਰ ਲੋਕਾਂ ਨੂੰ ਘਟਨਾ ਸਥਾਨ ਤੋਂ ਦੂਰ ਰਹਿਣ ਦੀ ਵਾਰ-ਵਾਰ ਅਪੀਲ ਕਰ ਰਹੀ ਹੈ।




## ਪੰਜਾਬ ’ਚ ਫ਼ੈਲਣ ਲੱਗੀ ਇਹ ਭਿਆਨਕ ਬੀਮਾਰੀ ! ਜਲੰਧਰ ’ਚ ਹੋਈ ਪਹਿਲੀ ਸ਼ੱਕੀ ਮੌਤ

**ਜਲੰਧਰ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਚ ਸਵਾਈਨ ਫਲੂ ਦੇ ਮਾਮਲੇ ਲਗਾਤਾਰ ਵੱਧਦੇ ਜਾ ਰਹੇ ਹਨ। ਜਲੰਧਰ ’ਚ ਸਵਾਈਨ ਫਲੂ ਨਾਲ ਮੌਤ ਦਾ ਪਹਿਲਾ ਸ਼ੱਕੀ ਮਾਮਲਾ ਸਾਹਮਣੇ ਆਇਆ ਹੈ। ਉੱਥੇ ਹੀ ਪੂਰੇ ਸੂਬੇ ’ਚ ਹੁਣ ਤੱਕ ਸਵਾਈਨ ਫਲੂ ਤੋਂ ਪੀੜਤ ਮਰੀਜ਼ਾਂ ਦੀ ਗਿਣਤੀ 220 ਤੱਕ ਪਹੁੰਚ ਗਈ ਹੈ। ਮ੍ਰਿਤਕ ਵਿਅਕਤੀ ਦੀ ਪਛਾਣ ਜਮਸ਼ੇਰ ਖ਼ਾਸ ਦੇ ਤਾਜਪੁਰ ਵਾਸੀ ਮੂਲ ਰਾਜ (85) ਵਜੋਂ ਹੋਈ ਹੈ ਅਤੇ ਉਸ ਨੂੰ ਇਲਾਜ ਲਈ ਜਲੰਧਰ ਦੇ ਸਿਵਲ ਹਸਪਤਾਲ ’ਚ ਦਾਖ਼ਲ ਕਰਵਾਇਆ ਗਿਆ ਸੀ, ਜਿੱਥੇ ਉਸ ਦੀ ਮੌਤ ਹੋ ਗਈ। ਉਕਤ ਵਿਅਕਤੀ ਕ੍ਰੌਨਿਕ ਔਬਸਟ੍ਰਕਟਿਵ ਪਲਮਨਰੀ ਡਿਜ਼ੀਜ਼ ਤੋਂ ਪੀੜਤ ਸੀ। ਮਿਲੀ ਜਾਣਕਾਰੀ ਮੁਤਾਬਕ ਉਸ ਦੀ ਸਵਾਈਨ ਫਲੂ ਦੀ ਜਾਂਚ ਪਹਿਲਾਂ ਪਾਜ਼ੇਟਿਵ ਆਈ ਸੀ ਅਤੇ ਉਨ੍ਹਾਂ ਦੇ ਮਾਮਲੇ ਨੂੰ ਸੂਬੇ ’ਚ ਸਵਾਈਨ ਫਲੂ ਨਾਲ ਹੋਈ ਪਹਿਲੀ ਸ਼ੱਕੀ ਮੌਤ ਵਜੋਂ ਦਰਜ ਕੀਤਾ ਗਿਆ ਹੈ। ਮਰੀਜ਼ ਨੂੰ ਪਹਿਲਾਂ ਤੋਂ ਹੀ ਕ੍ਰੌਨਿਕ ਔਬਸਟ੍ਰਕਟਿਵ ਪਲਮਨਰੀ ਡਿਜ਼ੀਜ਼ ਦੀ ਬੀਮਾਰੀ ਸੀ। ਮੂਲ ਰਾਜ ਨੂੰ ਸਾਹ ਲੈਣ ’ਚ ਤਕਲੀਫ਼ ਕਾਰਨ ਹਸਪਤਾਲ ’ਚ ਦਾਖ਼ਲ ਕਰਵਾਇਆ ਗਿਆ ਸੀ ਅਤੇ 2 ਸਤੰਬਰ ਨੂੰ ਜੀ. ਐੱਮ. ਸੀ. ਅੰਮ੍ਰਿਤਸਰ ’ਚ ਹੋਈ ਜਾਂਚ ਦੌਰਾਨ ਉਹ H1N1 ਪਾਜ਼ੇਟਿਵ ਪਾਇਆ ਗਿਆ ਸੀ। ਸਿਹਤ ਅਧਿਕਾਰੀਆਂ ਨੇ ਦੱਸਿਆ ਕਿ ਮਰੀਜ਼ ਦੀ ਇਮਿਊਨਿਟੀ ਕਮਜ਼ੋਰ ਸੀ ਅਤੇ ਉਹ ਪਹਿਲਾਂ ਤੋਂ ਹੀ ਕ੍ਰੌਨਿਕ ਔਬਸਟ੍ਰਕਟਿਵ ਪਲਮਨਰੀ ਡਿਜ਼ੀਜ਼ ਵਰਗੀਆਂ ਬੀਮਾਰੀਆਂ ਤੋਂ ਪੀੜਤ ਸਨ। ਇਸ ਲਈ ਜਦੋਂ ਤੱਕ ਰਸਮੀ ਸਿਹਤ ਆਡਿਟ ਨਹੀਂ ਹੋ ਜਾਂਦਾ, ਉਦੋਂ ਤੱਕ ਉਨ੍ਹਾਂ ਦੀ ਮੌਤ ਦਾ ਅਸਲ ਕਾਰਨ H1N1 ਨੂੰ ਨਹੀਂ ਮੰਨਿਆ ਜਾ ਸਕਦਾ।

## ਕੈਨੇਡਾ ਤੇ ਅਮਰੀਕਾ ’ਚ ਸਿੱਖਾਂ ਦੀ ਸੁਰੱਖਿਆ ਯਕੀਨੀ ਬਣਾਉਣ ਸਰਕਾਰਾਂ: ਐਡਵੋਕੇਟ ਧਾਮੀ



**ਅੰਮ੍ਰਿਤਸਰ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਵਿਦੇਸ਼ਾਂ, ਖਾਸ ਕਰਕੇ ਕੈਨੇਡਾ ਅਤੇ ਅਮਰੀਕਾ ਵਿੱਚ ਸਿੱਖ ਭਾਈਚਾਰੇ ਅਤੇ ਧਾਰਮਿਕ ਸਥਾਨਾਂ ਵਿਰੁੱਧ ਵਧ ਰਹੀਆਂ ਨਫ਼ਰਤੀ ਘਟਨਾਵਾਂ ’ਤੇ ਗੰਭੀਰ ਚਿੰਤਾ ਦਾ ਪ੍ਰਗਟਾਵਾ ਕੀਤਾ ਹੈ। ਇਸ ਮੌਕੇ ’ਤੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜੀ ਨੇ ਕਿਹਾ ਕਿ ਸਿੱਖੀ ਦਾ ਮੁੱਖ ਸੰਕਲਪ ‘ਸਰਬੱਤ ਦੇ ਭਲੇ’ ’ਤੇ ਆਧਾਰਿਤ ਹੈ। ਇਸ ਵਿੱਚ ਕਿਸੇ ਪ੍ਰਤੀ ਨਫ਼ਰਤ, ਜਾਤ-ਪਾਤ ਜਾਂ ਊਚ-ਨੀਚ ਲਈ ਕੋਈ ਥਾਂ ਨਹੀਂ ਹੈ। ਉਨ੍ਹਾਂ ਕਿਹਾ ਕਿ ਜਦੋਂ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਗੁਰਸ਼ਬਦ ਦੀ ਨੀਂਹ ਰੱਖੀ ਸੀ, ਉਦੋਂ ਵੀ ਵਿਰੋਧ ਹੋਇਆ ਸੀ, ਪਰ ਗੁਰੂ ਸਾਹਿਬਾਨ ਨੇ ਮਾਨਵਤਾ ਨੂੰ ਸੱਚ ਅਤੇ ਸਮਾਨਤਾ ਦਾ ਰਾਹ ਦਿਖਾਇਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਭ ਦੇ ਸਾਂਝੇ ਹਨ, ਜਿਸ ਵਿੱਚ ਭਗਤਾਂ, ਭੱਟਾਂ ਅਤੇ ਗੁਰਸਿੱਖਾਂ ਦੀ ਬਾਣੀ ਦਰਜ ਹੈ। ਸਿੱਖ ਹਰ ਰੋਜ਼ ਅਰਦਾਸ ਦੇ ਅੰਤ ਵਿੱਚ ‘ਨਾਨਕ ਨਾਮ ਚੜ੍ਹਦੀ ਕਲਾ, ਤੇਰੇ ਭਾਣੇ ਸਰਬੱਤ ਦਾ ਭਲਾ’ ਮੰਗਦਾ ਹੈ। ਐਡਵੋਕੇਟ ਧਾਮੀ ਨੇ ਕੈਨੇਡਾ ਦੀ ਸਰਕਾਰ ਨੂੰ ਵਿਸ਼ੇਸ਼ ਅਪੀਲ ਕਰਦਿਆਂ ਕਿਹਾ ਕਿ ਉੱਥੇ ਪੰਜਾਬੀ ਦੂਜੀ ਵੱਡੀ ਭਾਸ਼ਾ ਵਜੋਂ ਜਾਣੀ ਜਾਂਦੀ ਹੈ। ਅੱਜ ਗਲੋਬਲਾਈਜ਼ੇਸ਼ਨ ਦੇ ਦੌਰ ਵਿੱਚ ਕੈਨੇਡਾ ਅਤੇ ਅਮਰੀਕਾ ਦੀ ਅਰਥਵਿਵਸਥਾ ਅਤੇ ਤਰੱਕੀ ਵਿੱਚ ਸਿੱਖਾਂ ਦਾ ਬਹੁਤ ਵੱਡਾ ਯੋਗਦਾਨ ਹੈ। ਕਿਸੇ ਸਮੇਂ ਪੰਜਾਬ ਤੋਂ ਬਾਹਰ ਪੈਸੇ ਆਉਂਦੇ ਸਨ, ਪਰ ਅੱਜ ਪੰਜਾਬੀ ਉੱਥੇ ਵੱਡੇ ਕਾਰੋਬਾਰ ਸਥਾਪਤ ਕਰਕੇ ਉੱਥੋਂ ਦੇ ਵਿਕਾਸ ਵਿੱਚ ਹਿੱਸਾ ਪਾ ਰਹੇ ਹਨ। ਉਨ੍ਹਾਂ ਕਿਹਾ ਕਿ ਧਰਮ ਦੇ ਗਿਆਨ ਤੋਂ ਸਾਕਤ ਅਤੇ ਨਫ਼ਰਤ ਫੈਲਾਉਣ ਵਾਲੇ ਕੁਝ ਅਨਸਰ ਅਜਿਹੀਆਂ ਘਟਨਾਵਾਂ ਨੂੰ ਅੰਜਾਮ ਦਿੰਦੇ ਹਨ। ਸਰਕਾਰਾਂ ਨੂੰ ਚਾਹੀਦਾ ਹੈ ਕਿ ਉਹ ਯਤਨਸ਼ੀਲ ਹੋ ਕੇ ਅਜਿਹੀਆਂ ਅਣਸੁਖਾਵੀਆਂ ਘਟਨਾਵਾਂ ’ਤੇ ਠੱਲ੍ਹ ਪਾਉਣ। ਉਨ੍ਹਾਂ ਦੁਹਰਾਇਆ ਕਿ ਸਿੱਖ ਧਰਮ ਦੀ ਖ਼ੂਬਸੂਰਤੀ ਇਹ ਹੈ ਕਿ ਇਹ ਗੁਰਸ਼ਬਦ ਦੀ ਸ਼ਰਨ ਵਿੱਚ ਆਉਣ ਵਾਲੇ ਹਰ ਮਨੁੱਖ ਨੂੰ ਗਲਵਕੜੀ ਲਗਾ ਕੇ ਬਖਸ਼ ਲੈਂਦਾ ਹੈ।

## ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਹੋਵੇਗੀ ਮਰਦਮਸ਼ੁਮਾਰੀ; 1 ਦਸੰਬਰ ਤੋਂ ਸ਼ੁਰੂ ਹੋਵੇਗੀ ਜਨਗਣਨਾ

**ਚੰਡੀਗੜ੍ਹ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਲੱਦਾਖ ਤੋਂ ਬਾਅਦ, ਚਾਰ ਹੋਰ ਰਾਜ ਹੁਣ 1 ਦਸੰਬਰ ਨੂੰ 2027 ਦੀ ਮਰਦਮਸ਼ੁਮਾਰੀ ਸ਼ੁਰੂ ਕਰਨ ਲਈ ਤਿਆਰ ਹਨ। ਗੋਆ, ਉੱਤਰ ਪ੍ਰਦੇਸ਼, ਪੰਜਾਬ ਅਤੇ ਉੱਤਰਾਖੰਡ ਦੇ ਕੁਝ ਹਿੱਸਿਆਂ ਵਿੱਚ, ਮਰਦਮਸ਼ੁਮਾਰੀ 1 ਦਸੰਬਰ, 2026 ਤੋਂ 4 ਜਨਵਰੀ, 2027 ਤੱਕ ਕੀਤੀ ਜਾਵੇਗੀ। ਅਗਲੇ ਸਾਲ ਦੇ ਸ਼ੁਰੂ ਵਿੱਚ ਚੋਣਾਂ ਹੋਣ ਦੀ ਸੰਭਾਵਨਾ ਵਾਲੇ ਰਾਜਾਂ ਵਿੱਚ, ਮਰਦਮਸ਼ੁਮਾਰੀ ਪ੍ਰਕਿਰਿਆ ਪਹਿਲਾਂ ਹੀ ਸ਼ੁਰੂ ਕੀਤੀ ਜਾ ਰਹੀ ਹੈ। ਭਾਰਤ ਦੇ ਰਜਿਸਟਰਾਰ ਜਨਰਲ ਅਤੇ ਮਰਦਮਸ਼ੁਮਾਰੀ ਕਮਿਸ਼ਨਰ ਮੌਤੁੰਜੈ ਕੁਮਾਰ ਨਾਰਾਇਣ ਨੇ ਇੱਕ ਗਜ਼ਟ ਨੋਟੀਫਿਕੇਸ਼ਨ ਵਿੱਚ ਕਿਹਾ ਹੈ ਕਿ ਇਨ੍ਹਾਂ ਖੇਤਰਾਂ ਦੇ ਨਾਗਰਿਕ 16 ਨਵੰਬਰ ਤੋਂ 30 ਨਵੰਬਰ, 2026 ਤੱਕ ਸਵੈ-ਗਣਨਾ ਦੀ ਚੋਣ ਕਰ ਸਕਦੇ ਹਨ। ਨੋਟੀਫਿਕੇਸ਼ਨ ਵਿੱਚ ਕਿਹਾ ਗਿਆ ਹੈ ਕਿ ਗੋਆ, ਉੱਤਰ ਪ੍ਰਦੇਸ਼, ਪੰਜਾਬ ਅਤੇ ਉੱਤਰਾਖੰਡ ਰਾਜਾਂ ਦੇ ਬਰਫ਼ ਪ੍ਰਭਾਵਿਤ ਖੇਤਰਾਂ ਨੂੰ ਛੱਡ ਕੇ ਬਾਕੀ ਖੇਤਰਾਂ ਵਿੱਚ ਆਬਾਦੀ ਮਰਦਮਸ਼ੁਮਾਰੀ 1 ਦਸੰਬਰ, 2026 ਤੋਂ 4 ਜਨਵਰੀ, 2027 ਤੱਕ ਕੀਤੀ ਜਾਵੇਗੀ। ਇਸ ਤੋਂ ਬਾਅਦ 5 ਜਨਵਰੀ, 2027 ਤੋਂ 9 ਜਨਵਰੀ, 2027 ਤੱਕ ਇੱਕ ਸੋਧ ਪੜਾਅ ਹੋਵੇਗਾ। ਇਸ ਵਿੱਚ ਕਿਹਾ ਗਿਆ ਹੈ ਕਿ ਗੋਆ, ਉੱਤਰ ਪ੍ਰਦੇਸ਼, ਪੰਜਾਬ ਅਤੇ ਉਤਰਾਖੰਡ ਦੇ ਬਰਫ਼ ਨਾਲ ਢਕੇ ਇਲਾਕਿਆਂ ਨੂੰ ਛੱਡ ਕੇ, ਰਾਜ ਦੇ ਸਾਰੇ ਹਿੱਸਿਆਂ ਲਈ ਮਰਦਮਸ਼ੁਮਾਰੀ 2027 ਲਈ ਸੰਦਰਭ ਮਿਤੀ 5 ਜਨਵਰੀ, 2027 ਨੂੰ ਰਾਤ 12 ਵਜੇ ਹੋਵੇਗੀ। ਇਸ ਤੋਂ ਇਲਾਵਾ, ਕੇਂਦਰ ਸ਼ਾਸਤ ਪ੍ਰਦੇਸ਼ ਲੱਦਾਖ ਅਤੇ ਜੰਮੂ-ਕਸ਼ਮੀਰ ਦੇ ਬਰਫ਼ ਨਾਲ ਢਕੇ ਗ਼ੈਰ-ਸਮਕਾਲੀ ਖੇਤਰਾਂ ਅਤੇ ਹਿਮਾਚਲ ਪ੍ਰਦੇਸ਼ ਅਤੇ ਉਤਰਾਖੰਡ ਦੇ ਬਰਫ਼ ਨਾਲ ਢਕੇ ਗ਼ੈਰ-ਸਮਕਾਲੀ ਖੇਤਰਾਂ ਲਈ ਸੰਦਰਭ ਮਿਤੀ 1 ਅਕਤੂਬਰ, 2026 ਨੂੰ ਰਾਤ 12 ਵਜੇ ਹੋਵੇਗੀ। ਪਿਛਲੇ ਮਹੀਨੇ ਜਾਰੀ ਕੀਤੇ ਗਏ ਇੱਕ ਗਜ਼ਟ ਨੋਟੀਫਿਕੇਸ਼ਨ ਦੇ ਅਨੁਸਾਰ, ਲੱਦਾਖ, ਜੰਮੂ-ਕਸ਼ਮੀਰ, ਹਿਮਾਚਲ ਪ੍ਰਦੇਸ਼ ਅਤੇ ਉਤਰਾਖੰਡ ਦੇ ਬਰਫ਼ ਨਾਲ ਢਕੇ ਗ਼ੈਰ-ਸਮਕਾਲੀ ਖੇਤਰਾਂ ਵਿੱਚ ਮਰਦਮਸ਼ੁਮਾਰੀ 1 ਸਤੰਬਰ ਤੋਂ 30 ਸਤੰਬਰ ਤੱਕ ਕੀਤੀ ਜਾਵੇਗੀ। ਜੂਨ 2025 ਵਿੱਚ ਜਾਰੀ ਕੀਤੇ ਗਏ ਇੱਕ ਸਰਕਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਦੇਸ਼ ਦੇ ਬਾਕੀ ਹਿੱਸਿਆਂ ਲਈ ਸੰਦਰਭ ਮਿਤੀ, ਲੱਦਾਖ ਨੂੰ ਛੱਡ ਕੇ, ਜੰਮੂ-ਕਸ਼ਮੀਰ ਦੇ ਕੇਂਦਰ ਸ਼ਾਸਤ ਪ੍ਰਦੇਸ਼ ਦੇ ਗੈਰ-ਸਮਕਾਲੀ ਖੇਤਰਾਂ ਲਈ, ਅਤੇ ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਦੇ ਗੈਰ-ਸਮਕਾਲੀ ਖੇਤਰਾਂ ਦੀ ਚੋਣ 1 ਮਾਰਚ, 2027 ਨੂੰ ਹੋਵੇਗੀ। ਗੋਆ, ਮਨੀਪੁਰ, ਪੰਜਾਬ, ਉੱਤਰ ਪ੍ਰਦੇਸ਼ ਅਤੇ ਉੱਤਰਾਖੰਡ ਦੀਆਂ ਵਿਧਾਨ ਸਭਾਵਾਂ ਦਾ ਕਾਰਜਕਾਲ ਮਈ 2027 ਵਿੱਚ ਖਤਮ ਹੋਵੇਗਾ।



## ਮੋਹਨਜੀਤ ਸਿੰਘ ਦੀ ਵਿਗੜੀ ਸਿਹਤ ! ਸੰਗਰੂਰ ਤੋਂ ਪਟਿਆਲਾ ਦੇ ਰਾਜਿੰਦਰਾ ਸਿਵਲ ਹਸਪਤਾਲ ਕੀਤਾ ਗਿਆ ਸ਼ਿਫਟ



**ਸੁਨਾਮ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸੁਨਾਮ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਦੇ ਪਿੰਡ ਸ਼ੇਰੋਂ ’ਚ ਪੁਲਿਸ ਤਸ਼ੱਦਦ ਦਾ ਸ਼ਿਕਾਰ ਹੋਏ ਮੋਹਨਜੀਤ ਸਿੰਘ ਦੀ ਸਿਹਤ ਅਚਾਨਕ ਵਿਗੜਨ ਦੀ ਖ਼ਬਰ ਹੈ, ਜਿਸ ਦੇ ਚਲਦੇ ਉਸ ਨੂੰ ਸੰਗਰੂਰ ਦੇ ਸਿਵਲ ਹਸਪਤਾਲ ਤੋਂ ਪਟਿਆਲਾ ਦੇ ਰਾਜਿੰਦਰਾ ਹਸਪਤਾਲ ਸ਼ਿਫ਼ਟ ਕੀਤਾ ਗਿਆ ਹੈ। ਜਾਣਕਾਰੀ ਅਨੁਸਾਰ, ਮੋਹਨਜੀਤ ਸਿੰਘ ਨੂੰ ਪਟਿਆਲਾ ਰੈਫਰ ਕਰਨ ਸਮੇਂ ਪੁਲਿਸ ਨੇ ਰਾਜਿੰਦਰਾ ਹਸਪਤਾਲ ਨੂੰ ਛਾਉਣੀ ’ਚ ਤਬਦੀਲ ਕਰ ਦਿੱਤੀ ਹੈ। ਹਸਪਤਾਲ ਦੇ ਬਾਹਰ ਭਾਰੀ ਪੁਲਿਸ ਫੋਰਸ ਤੈਨਾਤ ਕੀਤੀ ਗਈ ਹੈ। ਭਾਜਪਾ ਆਗੂ ਦਮਨ ਬਾਜਵਾ ਨੇ ਵੀ ਇਸ ਮੌਕੇ ਪਟਿਆਲਾ ਪੁਲਿਸ ’ਤੇ ਮੋਹਨਜੀਤ ਸਿੰਘ ਨੂੰ ਹਸਪਤਾਲ ’ਚ ਨਾ ਮਿਲਣ ਦੇਣ ਦੇ ਇਲਜ਼ਾਮ ਲਾਏ ਹਨ। ਉਨ੍ਹਾਂ ਕਿਹਾ ਕਿ ਅਸੀਂ ਸੰਗਰੂਰ ਤੋਂ ਮੋਹਨਜੀਤ ਨਾਲ ਆਏ ਹਾਂ, ਪਰ ਸਾਨੂੰ ਪੁਲਿਸ ਨੇ ਹਸਪਤਾਲ ਦੇ ਅੰਦਰ ਨਹੀਂ ਜਾਣ ਦਿੱਤਾ। ਉਨ੍ਹਾਂ ਕਿਹਾ ਕਿ ਮੋਹਨਜੀਤ ਸਿੰਘ ਦੀ ਸਿਹਤ ਇਸ ਸਮੇਂ ਬਹੁਤ ਖ਼ਰਾਬ ਹੈ। ਡਾ. ਕਰਮਜੋਤ ਸਿੰਘ ਸੰਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੋਹਨਜੀਤ ਸਿੰਘ ਸ਼ੇਰੋਂ ਨੂੰ ਰੈਫਰ ਕਰਕੇ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਲਿਆਂਦਾ ਗਿਆ ਹੈ। ਉਨ੍ਹਾਂ ਨੂੰ ਮਾਹਿਰ ਡਾਕਟਰਾਂ ਦੀ ਦੇਖ-ਰੇਖ ਹੇਠ ਚੈੱਕ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਮਰੀਜ਼ ਦੇ ਸਿਟੀ ਸਕੈਨ ਸਮੇਤ ਹੋਰ ਜ਼ਰੂਰੀ ਟੈਸਟ ਅਤੇ ਜਾਂਚਾਂ ਕੀਤੀਆਂ ਜਾ ਰਹੀਆਂ ਹਨ। ਫਿਲਹਾਲ ਮੋਹਨਜੀਤ ਸਿੰਘ ਬੇਹੋਸ਼ ਹਨ ਅਤੇ ਉਨ੍ਹਾਂ ਦੀ ਹਾਲਤ ’ਤੇ ਡਾਕਟਰਾਂ ਵੱਲੋਂ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ। ਡਾ. ਕਰਮਜੋਤ ਸਿੰਘ ਸੰਧੂ ਨੇ ਕਿਹਾ ਕਿ ਮਰੀਜ਼ ਦੇ ਇਲਾਜ ਲਈ ਡਾਕਟਰਾਂ ਦਾ ਪੂਰਾ ਪੈਨਲ ਮੌਜੂਦ ਹੈ ਅਤੇ ਮੌਕੇ ’ਤੇ ਮਰੀਜ਼ ਨੂੰ ਜਿਸ ਵੀ ਤਰ੍ਹਾਂ ਦੇ ਇਲਾਜ ਦੀ ਲੋੜ ਹੋਵੇਗੀ, ਉਹ ਰਾਜਿੰਦਰਾ ਹਸਪਤਾਲ ਵੱਲੋਂ ਮੁਹੱਈਆ ਕਰਵਾਇਆ ਜਾਵੇਗਾ।

ਆਵਾਜ਼ਿ ਕੌਮ
AWAZE QAUM
International Newspaper & WEB TV

## ਮੋਹਨਜੀਤ ਸ਼ੇਰੋਂ ’ਤੇ ਤਸ਼ੱਦਦ ਕਰਨ ਵਾਲੇ ਡੀਐਸਪੀ ’ਤੇ ਸੁਖਬੀਰ ਸਿੰਘ ਬਾਦਲ ਦਾ ਲੋਕਾਂ ਨਾਲ ਵੱਡਾ ਵਾਅਦਾ; ਕਿਹਾ - ਬਸ 4 ਮਹੀਨੇ ਹੋਰ...



**ਚੰਡੀਗੜ੍ਹ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਕੀਤੀਆਂ ਜਾ ਰਹੀਆਂ ਪੰਜਾਬ ਬਚਾਓ ਰੈਲੀਆਂ ਦੇ ਦੂਸਰੇ ਪੜਾਅ ਤਹਿਤ ਹਲਕਾ ਬਸੀ ਪਠਾਣਾ ਵਿਖੇ ਦਰਬਾਰਾ ਸਿੰਘ ਗੁਰੂ ਦੀ ਅਗਵਾਈ ਵਿੱਚ ਕੀਤੀ ਗਈ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਵੱਡੇ ਐਲਾਨ ਕੀਤੇ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਤੇ ਪੰਜਾਬ ਨਿਵਾਸੀਆਂ ਨੂੰ ਵੱਡੇ ਪੱਧਰ ’ਤੇ ਰਿਆਇਤਾਂ ਪ੍ਰਦਾਨ ਕੀਤੀਆਂ ਜਾਣਗੀਆਂ। ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਮੋਹਨਜੀਤ ਸਿੰਘ ’ਤੇ ਥਰਡ ਡਿਗਰੀ ਟਾਰਚਰ ਕਰਨ ਵਾਲੇ ਡੀਐਸਪੀ ਅਗਲੇ ਚਾਰ ਮਹੀਨਿਆਂ ਵਿੱਚ ਨੌਕਰੀ ਤੋਂ ਡਿਸਮਿਸ ਹੋਵੇਗਾ। ਸੁਖਬੀਰ ਬਾਦਲ ਨੇ ਕਿਹਾ ਕਿ ਅਮਨ ਅਰੋੜਾ ਭਗਵੰਤ ਮਾਨ ਦੀ ਸਰਕਾਰ ਵੱਲੋਂ ਜੋ ਵੀ ਵਿਅਕਤੀ ਆਵਾਜ਼ ਚੁੱਕਦਾ ਹੈ ਉਸ ਨੂੰ ਪੁਲਿਸ ਰਾਹੀਂ ਕੁਚਲ ਦਿੱਤਾ ਜਾਂਦਾ ਹੈ। ਉਹਨਾਂ ਪੁਲਿਸ ਮੁਲਾਜ਼ਮਾਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਕੌਮ ਦੇ ਦੁਸ਼ਮਣਾਂ ਦੇ ਥੱਲੇ ਇੰਨਾ ਨਾ ਲੱਗਿਆ ਜਾਵੇ, ਕਿਉਂਕਿ ਜੋ ਕੌਮ ਬਲਾਤਕਾਰੀਆਂ, ਗੈਂਗਸਟਰਾਂ ਤੇ ਚੋਰਾਂ ਨਸ਼ੇ ਵੇਚਣ ਵਾਲਿਆਂ ਨੂੰ ਬਚਾਉਣ ਵਾਲੇ ਹਨ। ਜ਼ਬਰ-ਜਨਾਹ ਮਾਮਲੇ ’ਚ ਪੰਜ ਕਰੋੜ ਦੀ ਰਿਸ਼ਵਤ ਦੇ ਮਾਮਲੇ ਸਬੰਧੀ ਬੋਲਦਿਆਂ ਸੁਖਬੀਰ ਬਾਦਲ ਨੇ ਕਿਹਾ ਕਿ ਇਹ ਮਾਮਲਾ ਹੁਣ ਕਿਸੇ ਵੀ ਕੀਮਤ ’ਤੇ ਨਹੀਂ ਦੱਬੇਗਾ। ਉਹਨਾਂ ਕਿਹਾ ਕਿ ਹੁਣ ਸਪਸ਼ਟ ਹੋ ਕੇ ਰਹਿ ਗਿਆ ਹੈ ਕਿ ਮੁੱਖ ਮੰਤਰੀ ਦਾ ਚੋਰਾਂ ਦਾ ਤੇ ਚੋਰਾਂ ਨੂੰ ਬਚਾਉਣ ਵਾਲਿਆਂ ਦਾ ਘਰ ਹੈ। ਉਹਨਾਂ ਕਿਹਾ ਕਿ ਮੁੱਖ ਮੰਤਰੀ ਦਾ ਪਰਿਵਾਰ ਦੋਵਾਂ ਹੱਥੀ ਪੈਸਾ ਇਕੱਠਾ ਕਰਨ ਲੱਗਿਆ ਹੋਇਆ ਹੈ ਪਰ ਇਸ ਨੂੰ ਅਜਿਹਾ ਕਰਨ ਨਹੀਂ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਪੰਜਾਬ ਬਚਾਓ ਰੈਲੀ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਬਲਵਿੰਦਰ ਸਿੰਘ ਭੂੰਦੜ, ਪਾਰਟੀ ਦੇ ਸਕੱਤਰ ਡਾਕਟਰ ਦਿਲਜੀਤ ਸਿੰਘ ਚੀਮਾ, ਹਲਕਾ ਇੰਚਾਰਜ ਪਰਿਵਾਰਾਂ ਸਿੰਘ ਗੁਰੂ ਸ਼੍ਰੋਮਣੀ ਅਕਾਲੀ ਦਲ ਦੇ ਬੁਲਾਰੇ ਐਡਵੋਕੇਟ ਅਮਰਦੀਪ ਸਿੰਘ ਧਾਰਨੀ, ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਮਨਮੋਹਨ ਸਿੰਘ ਮਕਾਰੋਂਪੁਰ ਅਤੇ ਹੋਰ ਆਗੂਆਂ ਨੇ ਵੀ ਸੰਬੋਧਨ ਕਰਦਿਆਂ ਪਾਰਟੀ ਨੂੰ ਸਫਲ ਕਰਾ ਦਿੱਤਾ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

**ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)**
(ਬੱਕਰਾਂ ਦੇ ਹਾਈ ਕੋਰਟ)

**ਮਿਤੀ 1 ਨਵੰਬਰ 2026 ਦਿਨ ਐਤਵਾਰ**
**ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।**

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ। ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



**30 ਅਕਤੂਬਰ 2026 ਦਿਨ ਸ਼ੁੱਕਰਵਾਰ**
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

**1 ਨਵੰਬਰ 2026 ਦਿਨ ਐਤਵਾਰ ਨੂੰ**
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
**ਮੈਂਬਰ ਐਸ.ਜੀ.ਪੀ.ਸੀ.**
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net





ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV





## ਜਸਵੰਤ ਸਿੰਘ ਖਾਲੜਾ ਨਾਲ ਮੇਰੀ ਸਾਂਝ ਅਤੇ ਮਨੁੱਖੀ ਅਧਿਕਾਰਾਂ ਦਾ ਮੁੱਦਾ

# ਸਿੱਖ ਮਾਨਸਿਕਤਾ ਵਿੱਚ ਸ਼ਾਂਤਮਈ ਸ਼ਹਾਦਤ ਦਾ ਮਹੱਤਵ ਅਤੇ ਖਾਲੜਾ ਸਾਹਿਬ

**ਮੈਂ ਹਮੇਸ਼ਾ** 6 ਸਤੰਬਰ ਨੂੰ ਹੀ ਸ.ਜਸਵੰਤ ਸਿੰਘ ਖਾਲੜਾ ਦਾ ਸ਼ਹੀਦੀ ਦਿਨ ਮੰਨਦਾ ਆਇਆ ਹਾਂ ।ਖਾਲੜਾ ਸਾਹਿਬ ਨੂੰ ਭਾਵੇਂ ਮੈਂ ਸਿਆਸੀ ਤੌਰ ਤੇ ਪਹਿਲਾਂ ਤੋਂ ਜਾਣਦਾ ਸੀ ,ਪਰ ਮੇਰੀ ਉਹਨਾਂ ਨਾਲ ਨਿੱਜੀ ਅਤੇ ਵਿਚਾਰਧਾਰਕ ਸਾਂਝ ਦੀ ਸ਼ੁਰੂਆਤ 1992 ਤੋਂ ਹੋਈ ਸੀ ।ਪੰਥਕ ਧਿਰਾਂ ਵੱਲੋਂ 1992 ਦੀਆਂ ਵਿਧਾਨ ਸਭਾ ਚੋਣਾਂ ਦੇ ਬਾਈਕਾਟ ਮੌਕੇ ਮੈਂ ਦਿੱਲੀ ਦੀ ਤਿਹਾੜ ਜੇਲ੍ਹ ਵਿੱਚ ਨਜ਼ਰਬੰਦ ਸੀ ਅਤੇ ਜੇਲ੍ਹ ਵਿੱਚੋਂ ਰਿਹਾਈ ਉਪਰੰਤ ਮੈਨੂੰ ਆਪਣਾ ਟਿਕਾਣਾ ਅੰਮ੍ਰਿਤਸਰ ਸਾਹਿਬ ਵਿਖੇ ਬਣਾਉਣਾ ਪਿਆ ।ਇਸ ਦੌਰਾਨ ਮੈਨੂੰ ਇੱਕ ਦਿਨ ਮਾਨ ਦਲ ਦੇ ਸ਼ਹਿਰੀ ਪ੍ਰਧਾਨ ਸਵ.ਦਲਜੀਤ ਸਿੰਘ ਸੰਧੂ ਨੇ ਆਖਿਆ ਕਿ “ਭਾਅ ਜੀ ਅੱਜ ਤੁਹਾਨੂੰ ਇੱਕ ਬੰਦੇ ਨਾਲ ਮਿਲਾਉਣਾ ਹੈ “। ਮੈਂ ਇਹ ਸੋਚ ਕਿ ਚੁੱਪ ਕਰਕੇ ਦਲਜੀਤ ਸਿੰਘ ਦੇ ਸਕੂਟਰ ਮਗਰ ਬੈਠ ਗਿਆ ਕਿ ਉਸਨੇ ਕਿਸੇ ਖਾੜਕੂ ਆਗੂ ਨਾਲ ਮੇਰੀ ਮੀਟਿੰਗ ਫਿਕਸ ਕੀਤੀ ਹੋਵੇਗੀ । ਇਸ ਦਲਜੀਤ ਸਿੰਘ ਸੰਧੂ ਨੇ ਹੀ ਉਹਨੀ ਦਿਨੀ ਮੇਰੀਆਂ ਭਾਈ ਦਲਜੀਤ ਸਿੰਘ ਬਿੱਟੂ ਸਮੇਤ ਕਈ ਹੋਰ ਖਾੜਕੂਆਂ ਆਗੂਆਂ ਨਾਲ ਕਈ ਮੀਟਿੰਗਾਂ ਦਾ ਪ੍ਰਬੰਧ ਕੀਤਾ ਸੀ ।ਜਦੋਂ ਸੰਧੂ ਨੇ ਮੈਨੂੰ ਦੱਸਿਆ ਕਿ ਅਸੀਂ ਜਸਵੰਤ ਸਿੰਘ ਖਾਲੜਾ ਹੋਰਾਂ ਨੂੰ ਮਿਲਣ ਚੱਲੇ ਹਾਂ ਤਾਂ ਮੈਂ ਇਸ ਮੁਲਾਕਾਤ ਪ੍ਰਤੀ ਆਪਣੀ ਬੇਦਿਲੀ ਇਹ ਕਹਿੰਦਿਆ ਜ਼ਾਹਿਰ ਕੀਤੀ ਕਿ “ਛੱਡ ਯਾਰ,ਮੇਰਾ ਇਹਨਾਂ ਕਾਮਰੇਡਾਂ ਬਾਰੇ ਬਹੁਤ ਕੌੜਾ ਤਜਰਬਾ ਹੈ “। ਪਰ ਸੰਧੂ ਦੇ ਜ਼ੋਰ ਦੇਣ ਉੱਤੇ ਮੈਂ ਖਾਲੜਾ ਸਾਹਿਬ ਨੂੰ ਮਿਲਿਆ ,ਇਸ ਮਿਲਣੀ ਦੌਰਾਨ ਖਾਲੜਾ ਸਾਹਿਬ ਨੇ ਮਾਨ ਦਲ ਵਿੱਚ ਸ਼ਾਮਲ ਹੋਣ ਦੇ ਆਪਣੇ ਫੈਸਲੇ ਬਾਰੇ ਮੇਰੀ ਰਾਏ ਵੀ ਜਾਣੀ ਸੀ। ਉਸ ਤੋਂ ਬਾਅਦ ਅੰਮ੍ਰਿਤਸਰ ਰਹਿੰਦਿਆਂ ਕਈ ਵਾਰ ਖਾਲੜਾ ਸਾਹਿਬ ਨੂੰ ਮਿਲਦਾ ਰਿਹਾ ।ਉਸ ਤੋਂ ਬਾਅਦ ਜਲੰਧਰ ਅੱਜ ਦੀ ਆਵਾਜ਼ ਅਖਬਾਰ ਕੁੱਝ ਸਮਾਂ ਮੇਰਾ ਹੈੱਡਕੁਆਟਰ ਬਣਿਆ ,ਅਖਬਾਰ ਵਿੱਚ ਰਹਿੰਦੇ ਹੋਏ ਵੀ ਖਾਲੜਾ ਸਾਹਿਬ ਨਾਲ ਮੁਲਾਕਾਤਾਂ ਅਤੇ ਪੰਥਕ ਮਾਮਲਿਆਂ ਬਾਰੇ ਲੰਬੀਆਂ ਵਿਚਾਰਾਂ ਦਾ ਅਨੇਕਾਂ ਵਾਰ ਸਬੱਬ ਬਣਿਆ। ਸ਼ੁਰੂਆਤ ਵਿੱਚ ਸਾਡੇ ਆਪਸੀ ਸਬੰਧਾਂ ਵਿੱਚ ਇੱਕ ਸਿੱਖ Activist ਅਤੇ left ਦੀ ਪਛਾਣ ਵਿੱਚਲੇ ਫ਼ਾਸਲੇ ਵਾਲੀ ਦੂਰੀ ਬਣੀ ਰਹੀ,ਪਰ ਆਪਸੀ ਮਿਲਾਪ ਦੇ ਲੰਬੇ ਸਿਲਸਿਲੇ ਤੋਂ ਬਾਅਦ ਇਹ ਫਾਸਲਾ ਲਗਭਗ ਮਿੱਟ ਗਿਆ ਸੀ ।1993 ਵਿੱਚ ਜਲੰਧਰ ਲੋਕ ਸਭਾ ਦੀ ਜ਼ਿਮਨੀ ਚੋਣ ਦੇ ਮਾਮਲੇ ਵਿੱਚ ਖਾਲੜਾ ਸਾਹਿਬ ਅਤੇ ਮੇਰੀ ਪੁਜ਼ੀਸ਼ਨ ਇੱਕ ਦੂਜੇ ਦੇ ਆਹਮਣੇ-ਸਾਹਮਣੇ ਵਾਲੀ ਰਹੀ ।ਪਰ ਇਸ ਚੋਣ ਵਿੱਚ ਖਾਲੜਾ ਸਾਹਿਬ ਨੇ ਸਿੱਖ ਰਾਜਨੀਤੀ ਬਾਰੇ ਗੂੜ੍ਹਾ ਤਜਰਬਾ ਹਾਸਲ ਕੀਤਾ,ਜਿਸ ਬਾਰੇ ਉਹਨਾਂ ਅਖਬਾਰਾਂ ਵਿੱਚ ਇੱਕ ਲੰਬਾ ਆਰਟੀਕਲ ਵੀ ਲਿਖਿਆ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਮੁੱਕਦੀ ਗੱਲ ਖਾਲੜਾ ਸਾਹਿਬ ਇੱਕ ਚੇਤੰਨ ਮਨੁੱਖ ਸਨ ।ਉਹ ਇਰਾਦੇ ਦੇ ਬਹੁਤ ਦ੍ਰਿੜ ਸਨ ।ਉਹ ਅਜਿਹੇ ਇਨਸਾਨ ਸਨ,ਜਿਨ੍ਹਾਂ ਨੂੰ ਕੋਈ ਸਹਿਜੇ ਆਪਣੀ ਗੱਲ ਨਾਲ ਸਹਿਮਤ ਨਹੀਂ ਕਰ ਸਕਦਾ ਸੀ । ਪਰ ਉਹ ਅੜੀਅਲ ਵੀ ਨਹੀਂ ਸਨ ,ਹਰੇਕ ਤਜਬਰੇ ਤੋਂ ਬਾਅਦ ਆਪਣੀ ਪੁਜ਼ੀਸ਼ਨ ਦੀ ਪੜਚੋਲ ਕਰਕੇ ਆਪਣੇ ਪਹਿਲੇ ਫੈਸਲੇ ਨੂੰ ਬਦਲਣ ਵਿੱਚ ਕਦੇ ਹੇਠੀ ਨਹੀਂ ਸਮਝਦੇ ਸਨ ।1994 ਵਿੱਚ ਜਦੋਂ ਮੈਂ ਅਤੇ ਜਸਪਾਲ ਸਿੰਘ ਢਿੱਲੋਂ ਨੇ ਅਕਾਲੀ ਦਲ ਅੰਮ੍ਰਿਤਸਰ ਵਿੱਚ ਸ਼ਾਮਲ ਹੋ ਕੇ ਮਨੁੱਖੀ ਅਧਿਕਾਰ ਵਿੰਗ ਬਣਾਉਣ ਦਾ ਫ਼ੈਸਲਾ ਕੀਤਾ ਤਾਂ ਮੈਂ ਖਾਲੜਾ ਸਾਹਿਬ ਨੂੰ ਸਾਡੇ ਨਾਲ ਸ਼ਾਮਲ ਹੋਣ ਲਈ ਸਹਿਮਤ ਕਰ ਲਿਆ । ਉਹਨਾਂ ਦਾ ਮੇਰੇ ਕਹਿਣ ਉੱਤੇ ਮਨੁੱਖੀ ਅਧਿਕਾਰ ਵਿੰਗ ਦਾ ਹਿੱਸਾ ਬਨਣ ਲਈ ਸਹਿਮਤ ਹੋ ਜਾਣਾ ਹੀ ਸਾਡੇ ਦੋਹਾਂ ਵਿੱਚ ਬਣ ਚੁੱਕੀ ਵਿਚਾਰਧਾਰਕ ਸਾਂਝ ਦੀ ਨਿਸ਼ਾਨੀ ਸੀ ।ਜਨਵਰੀ 1995 ਵਿੱਚ ਲਾਵਾਰਸ ਅਤੇ ਅਣਪਛਾਤੀਆਂ ਲਾਸ਼ਾਂ ਦੇ ਮਾਮਲੇ ਦੀ ਰਿਪੋਰਟ ਨੇ ਸਾਡੀ ਜੱਥੇਬੰਦੀ ਅਤੇ ਖਾਲੜਾ ਸਾਹਿਬ ਨੂੰ ਅੰਤਰਰਾਸ਼ਟਰੀ ਪ੍ਰਸਿੱਧੀ ਅਤੇ ਪਛਾਣ ਪ੍ਰਦਾਨ ਕੀਤੀ । ਖਾਲੜਾ ਸਾਹਿਬ ਦੀ ਇਹੋ ਪਛਾਣ ਅਤੇ ਪ੍ਰਸਿੱਧੀ ਭਾਰਤੀ ਸਟੇਟ ਅਤੇ ਉਸਦੇ ਹੱਥਧੋਕੇ ਪੁਲਸ ਅਫਸਰਾਂ ਨੂੰ ਰੜਕਣੀ ਸ਼ੁਰੂ ਹੋ ਗਈ।



3 ਸਤੰਬਰ 1995 ਨੂੰ ਖਾਲੜਾ ਸਾਹਿਬ ਨਾਲ ਮੇਰੀ ਸਦਰ ਥਾਣਾ ਅੰਮ੍ਰਿਤਸਰ ਦੇ ਨੇੜੇ ਰਾਣੀ ਕਾ ਬਾਗ ਵਲ ਜਾਂਦੀ ਸੜਕ ਉੱਤੇ ਉਹਨਾਂ ਦੇ ਪਿੱਕਅਪ ਟਰੱਕ ਵਿੱਚ ਬੈਠ ਕੇ ਆਖ਼ਰੀ ਮੁਲਾਕਾਤ ਹੋਈ ਸੀ ।ਉਸ ਦਿਨ ਮੇਰਾ ਚੰਡੀਗੜ੍ਹ ਤੋਂ ਅੰਮ੍ਰਿਤਸਰ ਆਉਣ ਦਾ ਮਕਸਦ ਖਾਲੜਾ ਸਾਹਿਬ ਨੂੰ ਕੁੱਝ ਦਿਨਾਂ ਲਈ ਅੰਮ੍ਰਿਤਸਰ ਤੋਂ ਲਾਂਬੇ ਹੋਣ ਲਈ ਕਹਿਣਾ ਸੀ । ਬੇਅੰਤ ਸਿੰਘ ਦੀ 31 ਅਗਸਤ ਨੂੰ ਹੋਈ ਹੱਤਿਆ ਬਾਅਦ ਪੈਦਾ ਹੋਈ ਸਥਿਤੀ ਨੂੰ ਸਮਝਦਿਆਂ ਹੋਇਆਂ ਵੀ ਉਹ ਅੰਮ੍ਰਿਤਸਰ ਛੱਡਣ ਦੇ ਮੇਰੇ ਸੁਝਾਅ ਨਾਲ ਸਹਿਮਤ ਨਾ ਹੋਏ ।ਸ਼ਾਇਦ ਕੁਦਰਤ ਉਹਨਾਂ ਦੀ ਸ਼ਹਾਦਤ ਰੂਪੀ ਇੱਕ ਇਤਿਹਾਸਕ ਵਰਤਾਰੇ ਦੇ ਵਾਪਰਨ ਦਾ ਫੈਸਲਾ ਕਰ ਚੁੱਕੀ ਸੀ ।ਉਸ ਵਕਤ ਸਾਡੇ ਵਿੱਚੋਂ ਕੋਈ ਵੀ ਨਹੀਂ ਜਾਣਦਾ ਸੀ ਕਿ ਸਾਡੇ ਇਸ ਯਾਰ ਨੇ ਅੰਬਰਾਂ ਜਿਹੀਆਂ ਉਚਾਈਆਂ ਨੂੰ ਛੋਹ ਜਾਣਾ ਹੈ ।ਖਾਲੜਾ ਸਾਹਿਬ ਦੀ ਸ਼ਹਾਦਤ ਤੋਂ ਬਾਅਦ ਦਾ ਸਮਾਂ ਸਾਡੀ ਜੱਥੇਬੰਦੀ ਅਤੇ ਖਾਸ ਕਰਕੇ ਮੇਰੇ ਲਈ ਬਹੁਤ ਚੁਨੌਤੀਆਂ ਭਰਪੂਰ ਸੀ । ਅਜਿਹੇ ਹਾਲਾਤ ਨੇ ਮੈਨੂੰ ਆਪਣੀਆਂ ਰਾਜਸੀ ਖਾਹਿਸ਼ਾਂ ਮਿਟਾ ਕੇ ਇਕ ਮਨੁੱਖੀ ਅਧਿਕਾਰ ਕਾਰਕੁਨ ਵਜੋਂ ਸੀਮਤ ਕਰ ਦਿੱਤਾ ।ਉਹਨਾਂ ਦੀ ਸ਼ਹਾਦਤ ਤੋਂ ਬਾਅਦ ਮੈਂ ਲਗਾਤਾਰ ਦੱਸ ਸਾਲ ਲਾਵਾਰਸ ਲਾਸ਼ਾਂ ਦੇ ਕੇਸ ਲਈ ਤੱਥ ਇੱਕਠੇ ਕਰਨ ਅਤੇ ਕਾਨੂੰਨੀ ਪੈਰਵੀ ਨੂੰ ਸਮਰਪਿਤ ਕਰ ਦਿੱਤੇ ।ਇਸ ਕੰਮ ਲਈ ਇੱਕ ਵੱਡੀ ਹਮਾਇਤ ਜੁਟਾਉਣ ਲਈ ਮੈਂ ਅਤੇ ਰਾਮ ਨਰਾਇਣ ਕੁਮਾਰ ਨੇ ਵੱਖ-ਵੱਖ ਸ਼ਖ਼ਸੀਅਤਾਂ ਅਤੇ ਜਥੇਬੰਦੀਆਂ ਦੇ ਸਹਿਯੋਗ ਨਾਲ “ ਲਾਪਤਾ ਲੋਕਾਂ ਬਾਰੇ ਤਾਲਮੇਲ ਕਮੇਟੀ“ ਕਾਇਮ ਕੀਤੀ ।ਬਾਅਦ ਵਿੱਚ ਸੁਪਰੀਮ ਕੋਰਟ ਤੋਂ ਰਿਟਾਇਰ ਹੋਣ ਤੋਂ ਬਾਅਦ ਸਵ.ਜਸਟਿਸ ਕੁਲਦੀਪ ਸਿੰਘ ਵੀ ਸਾਡੀ ਇਸ ਕਮੇਟੀ ਨਾਲ ਜੁੜ ਗਏ ,ਕਮੇਟੀ ਵੱਲੋਂ ਪੀਪਲਜ਼ ਕਮਿਸ਼ਨ ਬਣਾਉਣ ਵਿੱਚ ਜਸਟਿਸ ਕੁਲਦੀਪ ਸਿੰਘ ਦੀ ਮੁੱਖ ਭੂਮਿਕਾ ਰਹੀ ਸੀ ।ਖਾਲੜਾ ਸਾਹਿਬ ਦੀ ਸ਼ਹਾਦਤ ਤੋਂ ਬਾਅਦ ਉਹਨਾਂ ਵੱਲੋਂ ਉਠਾਏ ਮੁੱਦੇ ਵਿੱਚ ਇਨਸਾਫ਼ ਦੀ ਪ੍ਰਾਪਤੀ ਲਈ ਲਗਾਤਾਰ ਦੱਸ ਸਾਲ ਦੀ ਜੱਦੋ-ਜਹਿਦ ਹੀ ਸਾਡੇ ਵੱਲੋਂ ਉਸ ਮਹਾਨ ਸ਼ਹੀਦ ਨੂੰ ਇੱਕ ਸੱਚੀ ਸਰਧਾਂਜਲੀ ਹੈ ।ਅੱਜ ਜਦੋਂ ਸਿੱਖ ਕੌਮ ਅਤੇ ਮਨੁੱਖਤਾ ਨੂੰ ਪਿਆਰ ਕਰਨ ਵਾਲੇ ਖਾਲੜਾ ਸਾਹਿਬ ਦੀ ਸ਼ਹਾਦਤ ਨੂੰ ਸਲਾਮ ਕਰਦੇ ਹਨ ਤਾਂ ਮੇਰੇ ਸਮੇਤ ਉਹਨਾਂ ਦੇ ਤਮਾਮ ਸਾਥੀਆਂ ਦਾ ਸਿਰ ਵੀ ਮਾਣ ਨਾਲ ਉੱਚਾ ਹੋ ਜਾਂਦਾ ਹੈ ।ਖਾਲੜਾ ਸਾਹਿਬ ਦੀ ਸ਼ਹਾਦਤ ਨੇ ਇਹ ਦਰਸਾ ਦਿੱਤਾ ਕਿ ਵਿਚਾਰਾਂ ਅਤੇ ਉੱਚੇ ਸਿਧਾਂਤਾਂ ਲਈ ਸ਼ਾਂਤਮਈ ਢੰਗ ਨਾਲ ਦਿੱਤੀ ਸ਼ਹਾਦਤ ਦੀ ਵੀ ਸਿੱਖ ਮਾਨਸਿਕਤਾ ਵਿੱਚ ਵੱਡੀ ਮਹੱਤਤਾ ਰੱਖਦੀ ਹੈ ਅਤੇ ਸ਼ਾਂਤਮਈ ਢੰਗ ਨਾਲ ਦਿੱਤੀਆਂ ਅਜਿਹੀਆਂ ਕੁਰਬਾਨੀਆਂ ਵੀ ਸਫਲਤਾਵਾਂ ਦੇ ਵੱਡੇ ਰਸਤੇ ਖੋਲ੍ਹਣ ਦਾ ਬਲ ਵੀ ਰੱਖਦੀਆਂ ਹਨ ।



**- ਭਾਈ ਅਮਰੀਕ ਸਿੰਘ ਮੁਕਤਸਰ**


ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥੧॥
ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੁਚਿਤ ਕੀਤਾ
ਜਾਂਦਾ ਹੈ ਕਿ ਸਾਡੇ ਸਤਿਕਾਰਯੋਗ ਮਾਤਾ ਜੀ
ਸਰਦਾਰਨੀ ਸਿਮਰਨਜੀਤ ਕੌਰ ਜੀ
ਜੋ 29/08/2026 (ਸ਼ਨੀਵਾਰ) ਨੂੰ ਆਪਣੀ ਸੰਸਾਰਿਕ ਯਾਤਰਾ
ਪੂਰੀ ਕਰਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ।
ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ
ਸ੍ਰੀ ਸਹਿਜ ਪਾਠ ਸਾਹਿਬ ਦਾ ਭੋਗ ਅਤੇ ਅੰਤਿਮ ਅਰਦਾਸ
ਮਿਤੀ: 07/09/2026 (ਸੋਮਵਾਰ)
ਸਥਾਨ:ਓਹਨਾ ਦੇ ਗ੍ਰਹਿ ਵਿੱਖੇ ਪਿੰਡ ਜੋੜ ਸਿੰਘ ਵਾਲਾ
ਸਮਾਂ: ਭੋਗ: 12:00 ਵਜੇ ਦੁਪਹਿਰ ਤੋਂ 1:00 ਵਜੇ ਤੱਕ
ਅੰਤਿਮ ਅਰਦਾਸ: 1:00 ਵਜੇ ਹੋਵੇਗੀ
ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾ ਕਰਨੀ ਜੀ।
ਭਾਈ ਵਰਿੰਦਰ ਸਿੰਘ ਫੌਜੀ
ਅਕਾਲੀ ਦਲ ਵਾਰਿਸ ਪੰਜਾਬ ਹਲਕਾ ਪੱਟੀ
ਵਾਹਿਗੁਰੂ ਜੀ ਦੇ ਭਾਣੇ ਨੂੰ ਮੰਨਦੇ ਹੋਏ
ਸ਼ੋਕ ਸੰਤੁਸਤ ਪਰਿਵਾਰ ਵੱਲੋਂ:
ਦੁੱਖੀ ਹਿਰਦੇ ਭਾਈ ਵਰਿੰਦਰ ਸਿੰਘ ਫ਼ੌਜੀ(ਪੁੱਤਰ)
ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਪੱਟੀ ਜਿਲ੍ਹਾ ਤਰਨ ਤਾਰਨ
ਨਜ਼ਰਬੰਦ ਸ੍ਰੀ ਗੋਇੰਦਵਾਲ ਸਾਹਿਬ ਜੇਲ੍ਹ ਅਤੇ
ਸਮੂਹ ਜੌਹਲ ਪਰਿਵਾਰ
ਮੋਬ- 7889655747,6283400378
ਲੋਕੇਸ਼ਨ ਤੇ ਪਹੁੰਚਣ ਲਈ
QR ਸਕੈਨ ਕਰੋ
ਆਵਾਜ਼ਿ ਕੌਮ
AWAZE QAUM
International Newspaper & WEB TV




ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਮਹੀਨਾਵਾਰ ਲੰਗਰ ਸੇਵਾ ਨਿਭਾਉਣ ਤੋਂ ਬਾਅਦ ਆਪਣੇ ਸਾਥੀ ਅਹੁਦੇਦਾਰਾਂ ਅਤੇ ਵਰਕਰਾਂ ਨਾਲ।

# ਸਾਰੀਆਂ ਪੰਥਕ ਧਿਰਾਂ 2027 ਦੀਆਂ ਚੋਣਾਂ ਲਈ ਇੱਕਜੁਟ ਹੋ ਜਾਣ : ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ

## ਪੰਥਕ ਚੜ੍ਹਦੀ ਕਲਾ ਲਈ ਸਾਰਿਆਂ ਦਾ ਇੱਕ ਮੰਚ 'ਤੇ ਆਉਣਾ ਜ਼ਰੂਰੀ

**ਅੰਮ੍ਰਿਤਸਰ • ਆਵਾਜ਼ਿ ਕੌਮ ਬਿਊਰੋ**

ਪੰਥਕ ਅਕਾਲੀ ਦਲ ਵੱਲੋਂ ਅੱਜ ਇੱਥੇ ਸ੍ਰੀ ਦਰਬਾਰ ਸਾਹਿਬ ਵਿਖੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਦੀ ਅਗਵਾਈ ਹੇਠ ਮਹੀਨਾਵਾਰ ਲੰਗਰ ਦੀ ਸੇਵਾ ਨਿਭਾਈ ਗਈ। ਜਿਸ ਵਿੱਚ ਪੰਥਕ ਅਕਾਲੀ ਦਲ ਦੇ ਪੰਜਾਬ ਭਰ ਤੋਂ ਆਏ ਵਰਕਰਾਂ ਅਤੇ ਅਹੁਦੇਦਾਰਾਂ ਨੇ ਤਨ, ਮਨ, ਧਨ ਨਾਲ ਸੇਵਾ ਕੀਤੀ। ਇਸ ਮੌਕੇ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਨੇ ਕਿਹਾ ਕਿ 2027 ਦੀਆਂ ਪੰਜਾਬ ਚੋਣਾਂ ਦੀ ਚਰਚਾ ਚੱਲ ਰਹੀ ਹੈ। ਸਾਰੀਆਂ ਧਿਰਾਂ ਲੱਗਭੱਗ ਸਰਗਰਮ ਹੋ ਚੁੱਕੀਆਂ ਹਨ, ਅਸੀਂ ਵੀ ਪੰਥਕ ਅਕਾਲੀ ਦਲ ਵੱਲੋਂ ਸਮੂਹ ਪੰਥਕ ਧਿਰਾਂ ਨਾਲ ਸੰਪਰਕ ਕਾਇਮ ਕਰ ਰਹੇ ਹਾਂ, ਤਾਂ ਕਿ ਸਾਰਿਆਂ ਨੂੰ ਇੱਕ ਮੰਚ 'ਤੇ ਲਿਆ ਕੇ ਪੰਜਾਬ ਵਿੱਚ ਇੱਕ ਨਵੀਂ ਲਹਿਰ ਉਸਾਰੀ ਜਾ ਸਕੇ। ਉਨ੍ਹਾਂ ਬੀਤੀ 2 ਜੂਨ ਦੇ ਪਿੰਡ ਰੋਡੇ ਜ਼ਿਲ੍ਹਾ ਮੋਗਾ ਵਿਖੇ ਹੋਏ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਨ ਸਮਾਗਮ ਦਾ ਹਵਾਲਾ ਦਿੰਦਿਆਂ ਕਿਹਾ ਕਿ ਉਸ ਸਟੇਜ ਤੋਂ ਵੀ ਅਸੀਂ ਅਹਿਦ ਲਿਆ ਸੀ ਕਿ ਅਸੀਂ

**ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਨਿਭਾਈ ਮਹੀਨਾਵਾਰ ਲੰਗਰ ਸੇਵਾ**

ਸਾਰੀਆਂ ਪੰਥਕ ਧਿਰਾਂ ਨੂੰ ਨਾਲ ਲੈ ਕੇ ਚੱਲਾਂਗੇ। ਉਨ੍ਹਾਂ ਨਾਲ ਗੱਲਬਾਤ ਕਰਾਂਗੇ ਅਤੇ ਪੰਜਾਬ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਨਵਾਂ ਮਾਹੌਲ ਸਿਰਜਾਂਗੇ। ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਨੇ ਆਸ ਪ੍ਰਗਟਾਈ ਕਿ ਸਾਰੀਆਂ ਪੰਥਕ ਧਿਰਾਂ ਇਸ ਮੁੱਦੇ 'ਤੇ ਗੰਭੀਰਤਾ ਨਾਲ ਵਿਚਾਰ ਕਰਨਗੀਆਂ, ਇੱਕ ਮੰਚ 'ਤੇ ਇਕੱਠੀਆਂ ਹੋਣਗੀਆਂ ਅਤੇ ਪੰਜਾਬ ਵਿੱਚ ਪੰਥਕ ਚੜ੍ਹਦੀ ਕਲਾ ਦੀ ਹਨ੍ਹੇਰੀ ਲਿਆ ਦੇਣਗੀਆਂ। ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਨੇ ਕਿਹਾ ਕਿ ਸਮੂਹ ਪੰਥਕ ਹਿਤੈਸ਼ੀਆਂ ਨੂੰ ਅਤੇ ਪੰਥਕ ਅਕਾਲੀ ਦਲ ਦੇ ਵਰਕਰਾਂ ਅਤੇ ਅਹੁਦੇਦਾਰਾਂ ਨੂੰ ਅਪੀਲ ਕੀਤੀ ਕਿ ਉਹ ਹਰ ਮਹੀਨੇ ਸਾਡੇ ਵੱਲੋਂ ਨਿਭਾਈ ਜਾ ਰਹੀ ਲੰਗਰ ਅਤੇ ਇਸ਼ਨਾਨ ਸੇਵਾ ਦਾ ਹਿੱਸਾ ਬਣਨ। ਇਸ ਮੌਕੇ ਉਨ੍ਹਾਂ ਨਾਲ ਬਾਬਾ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਮਿਸਲ ਸ਼ਹੀਦਾਂ ਦੁਆਬਾ, ਬਾਬਾ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਮੁੱਖ ਬੁਲਾਰਾ, ਬਾਬਾ ਜਤਿੰਦਰ ਸਿੰਘ ਗੋਬਿੰਦ ਬਾਗ ਵਾਲੇ ਕਾਰਜਕਾਰੀ ਪ੍ਰਧਾਨ, ਬਾਬਾ ਸੱਜਣ ਸਿੰਘ ਵਾੜਾ ਸ਼ੇਰ ਸਿੰਘ, ਭਾਈ ਕਿਰਪਾ ਸਿੰਘ ਕਿਸਾਨ ਬਚਾਓ ਮੋਰਚਾ, ਜਥੇਦਾਰ ਦਲੀਪ ਸਿੰਘ ਚੱਕਰ ਕਨਵੀਨਰ ਪੰਥਕ ਅਕਾਲੀ ਦਲ ਅਤੇ ਹੋਰ ਅਹੁਦੇਦਾਰ ਅਤੇ ਵਰਕਰ ਹਾਜਰ ਸਨ।

## ਗੁਰੂ ਨਾਨਕ ਨਗਰ ਕੀਰਤਨ ਕਮੇਟੀ

# ਰਸੂਲਪੁਰ ਦੀ ਹੋਈ ਅਹਿਮ ਮੀਟਿੰਗ



**ਜਗਰਾਉਂ (ਵਰਿਆਮ ਹਠੂਰ)**-ਸਿੱਖ ਧਰਮ ਦੇ ਬਾਨੀ ਪਹਿਲੇ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਤਿਆਰੀਆ ਨੂੰ ਮੁੱਖ ਰੱਖਦਿਆਂ ਜਿਲ੍ਹਾ ਲੁਧਿਆਣਾ ਦੇ ਪਿੰਡ ਰਸੂਲਪੁਰ (ਮੱਲ੍ਹਾ) ਵਿਖੇ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਦੀ ਇੱਕ ਅਹਿਮ ਮੀਟਿੰਗ ਗੁਰਦੁਆਰਾ ਸੰਤੋਖਸਰ ਸਾਹਿਬ ਵਿਖੇ ਹੋਈ ਮੀਟਿੰਗ ਵਿੱਚ ਵੱਖ-ਵੱਖ ਵਿਚਾਰ ਵਟਾਂਦਰਾ ਕਰਨ ਤੋਂ ਬਾਅਦ ਕਮੇਟੀ ਵੱਲੋਂ ਕੁਝ ਫੈਸਲੇ ਲਏ ਗਏ, ਜਾਣਕਾਰੀ ਸਾਂਝੀ ਕਰਦਿਆਂ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਰਸੂਲਪੁਰ ਦੇ ਪ੍ਰਧਾਨ ਜੋਰਾ ਸਿੰਘ ਰਸੂਲਪੁਰ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦਿਆਂ 15 ਨਵੰਬਰ ਤੋ ਲੈ ਕੇ 21 ਨਵੰਬਰ ਤੱਕ ਲਗਾਤਾਰ ਪਿੰਡ ਰਸੂਲਪੁਰ (ਮੱਲ੍ਹਾ) ਵਿਖੇ ਸਵੇਰ ਟਾਇਮ ਭਰਵਾਤ ਫੇਰੀਆਂ ਕੀਤੀਆਂ ਜਾਣਗੀਆਂ, ਅਤੇ 22 ਨਵੰਬਰ ਦਿਨ ਐਤਵਾਰ ਨੂੰ ਪੁਰਾਤਨ ਰਵਾਇਤਾਂ ਅਨੁਸਾਰ ਮਹਾਨ ਨਗਰ ਕੀਰਤਨ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਜੈਕਾਰਿਆਂ ਦੀ ਗੂੰਜ ਵਿੱਚ ਗੁਰਦੁਆਰਾ ਸੰਤੋਖਸਰ ਸਾਹਿਬ ਤੋਂ ਸਜਾਇਆ ਜਾਵੇਗਾ, ਮਹਾਨ ਨਗਰ ਕੀਰਤਨ ਵਿੱਚ ਪੰਥ ਦਾ ਪ੍ਰਸਿੱਧ ਕਵੀਸ਼ਰੀ ਜੱਥਾ ਭਾਈ ਕੁਲਵੰਤ ਸਿੰਘ ਜੀ (ਮਾਣੂੰਕੇ ਵਾਲੇ) ਗੁਰਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕਰਨਗੇ, ਗੁਰਦੁਆਰਾ ਮੈਹਦੇਆਣਾ ਸਾਹਿਬ ਦੇ ਹਜੂਰੀ ਰਾਗੀ ਭਾਈ ਹਰਜਿੰਦਰ ਸਿੰਘ ਜੀ ਰਾਜਾ (ਰਸੂਲਪੁਰ ਵਾਲੇ) ਸ਼ਬਦ ਕੀਰਤਨ ਰਾਹੀਂ ਨਾਲ-ਨਾਲ ਹਾਜਰੀ ਭਰਨਗੇ, ਉਨ੍ਹਾਂ ਕਿਹਾ ਕਿ ਗੁਰਦੁਆਰਾ ਸੰਤੋਖਸਰ ਸਾਹਿਬ ਵਿਖੇ 12 ਨਵੰਬਰ ਦਿਨ ਵੀਰਵਾਰ ਨੂੰ ਸ੍ਰੀ ਸਹਿਜ ਪਾਠ ਅਰੰਭ ਹੋਣਗੇ ਜਿੰਨ੍ਹਾਂ ਦੇ ਭੋਗ 24 ਨਵੰਬਰ ਦਿਨ ਮੰਗਲਵਾਰ ਨੂੰ ਪਾਏ ਜਾਣਗੇ ਤੇ ਭੋਗ ਉਪਰੰਤ ਖੁੱਲ੍ਹੇ ਦੀਵਾਨ ਸਜਾਏ ਜਾਣਗੇ ਜਿਸ ਵਿਚ ਪੰਥ ਦੇ ਮਹਾਨ ਕਵੀਸ਼ਰ ਭਾਈ ਬਲਦੇਵ ਸਿੰਘ ਜੀ ਸਮਾਧ ਭਾਈ ਵਾਲਿਆਂ ਦਾ ਕਵੀਸ਼ਰੀ ਜੱਥਾ ਕਵਿਸ਼ਰੀ ਕਲਾ ਰਾਹੀਂ ਹਾਜ਼ਰੀ ਭਰੇਗਾ, ਅੰਤ ਵਿੱਚ ਉਨ੍ਹਾਂ ਕਿਹਾ ਕਿ ਇਸ ਸਾਰੇ ਸਮਾਗਮ ਨੂੰ ਲਾਇਵ ਵੀ ਵੇਖਿਆ ਜਾ ਸਕੇਗਾ, ਵਿਸ਼ੇਸ਼ ਤੌਰ ਤੇ ਜਗਸੀਰ ਸਿੰਘ ਕੈਨੇਡਾ, ਰਵੇਲ ਸਿੰਘ ਮਨੀਲਾ, ਨੇ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਨੂੰ ਸੁਭ ਕਾਰਜ ਅਰੰਭ ਕਰਨ ਲਈ ਵਧਾਈ ਦਿੱਤੀ ਤੇ ਕਮੇਟੀ ਦਾ ਸਹਿਯੋਗ ਕਰਨ ਲਈ ਕਿਹਾ ਇਸ ਮੌਕੇ ਪ੍ਰਧਾਨ ਜੋਰਾ ਸਿੰਘ ਰਸੂਲਪੁਰ, ਗੁਰਮੀਤ ਸਿੰਘ ਬਾਬਾ, ਰਵੀ ਸਿੰਘ ਸਾਮੇਕਾ, ਦਲਜੀਤ ਸਿੰਘ ਖਾਲਸਾ, ਸੁੱਖਾ ਮਿਸਤਰੀ, ਜੱਸਾ ਸਿੰਘ ਕਬੱਡੀ ਖਿਡਾਰੀ, ਨਿੰਦਰ ਸਿੰਘ ਮਿਸਤਰੀ, ਬਾਈ ਸੁਰਜੀਤ ਸਿੰਘ, ਛੋਟਾ ਜੱਸਾ, ਸੁਖਜੀਤ ਸਿੰਘ, ਰੋਬਿਨ ਸਿੰਘ, ਗੁਰਵਿੰਦਰ ਸਿੰਘ, ਧਰਮ ਸਿੰਘ ਧਾਮੀ, ਪਰਮਜੀਤ ਸਿੰਘ ਪੰਮਾ, ਰਾਮ ਸਿੰਘ ਮਾਣੇਕੇ, ਹਰਦੀਪ ਸਿੰਘ, ਜਗਪਾਲ ਸਿੰਘ ਫੋਜੀ, ਸੁਖਵਿੰਦਰ ਸਿੰਘ ਫੋਜੀ ਗੋਪੀ ਹਲਵਾਈ, ਸੀਰਾ ਕੱਬਡੀ ਖਿਡਾਰੀ, ਕਾਲਾ ਸਿੰਘ ਆਦਿ ਹਾਜਰ ਸਨ।

**ਪੁਰਾਤਨ ਰਵਾਇਤਾਂ ਅਨੁਸਾਰ ਮਹਾਨ ਨਗਰ ਕੀਰਤਨ 22 ਨਵੰਬਰ ਦਿਨ ਐਤਵਾਰ ਨੂੰ**

## ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ "ਅਧਿਆਪਕ ਦਿਵਸ" ਮਨਾਇਆ ਗਿਆ

# ਡਾਇਰੈਕਟਰ ਮੋਹਨੀਸ਼ ਮੀਸਾ ਨੇ ਸਮੂਹ ਅਧਿਆਪਕਾਂ ਨੂੰ ਦਿੱਤੀਆਂ ਮੁਬਾਰਕਾਂ



ਮਹਿਲ ਕਲਾਂ/ ਬਰਨਾਲਾ (ਵਰਿਆਮ ਹਠੂਰ) ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ ਅਧਿਆਪਕ ਦਿਵਸ ਬੜੇ ਉਤਸ਼ਾਹ, ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਇਹ ਸਮਾਗਮ ਡਾਇਰੈਕਟਰ ਸ੍ਰੀ ਮੋਹਨੀਸ਼ ਮਿਸ਼ਾ ਜੀ ਦੀ ਅਗਵਾਈ ਹੇਠ ਵਿਦਿਆਰਥੀਆਂ ਵੱਲੋਂ ਆਪਣੇ ਅਧਿਆਪਕਾਂ ਪ੍ਰਤੀ ਪਿਆਰ ਅਤੇ ਸਤਿਕਾਰ ਪ੍ਰਗਟ ਕਰਨ ਲਈ ਕਰਵਾਇਆ ਗਿਆ, ਸਮਾਗਮ ਦੌਰਾਨ ਬੱਚਿਆਂ ਨੇ ਕਵਿਤਾਵਾਂ, ਗੀਤ, ਭਾਸ਼ਣ, ਨਾਚ ਅਤੇ ਹੋਰ ਮਨਮੋਹਕ ਪੇਸ਼ਕਾਰੀਆਂ ਰਾਹੀਂ ਅਧਿਆਪਕਾਂ ਦਾ ਮਨੋਰੰਜਨ ਕੀਤਾ। ਵਿਦਿਆਰਥੀਆਂ ਨੇ ਅਧਿਆਪਕਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੇ ਅਨਮੋਲ ਮਾਰਗਦਰਸ਼ਨ ਅਤੇ ਸਿੱਖਿਆ ਲਈ ਧੰਨਵਾਦ ਪ੍ਰਗਟ ਕੀਤਾ। ਇਸ ਮੌਕੇ ਡਾਇਰੈਕਟਰ ਮੋਹਨੀਸ਼ ਮਿਸ਼ਾ ਜੀ ਨੇ ਆਪਣੇ ਪ੍ਰੇਰਣਾਦਾਇਕ ਸ਼ਬਦਾਂ ਵਿੱਚ ਅਧਿਆਪਕਾਂ ਦੀ ਭੂਮਿਕਾ ਨੂੰ ਸਮਾਜ ਦੀ ਨੀਂਹ ਕਰਾਰ ਦਿੰਦਿਆਂ ਕਿਹਾ ਕਿ ਇੱਕ ਅਧਿਆਪਕ ਵਿਦਿਆਰਥੀਆਂ ਦੇ ਗਿਆਨ ਦੇ ਨਾਲ-ਨਾਲ ਉਨ੍ਹਾਂ ਦੇ ਚਰਿੱਤਰ ਅਤੇ ਭਵਿੱਖ ਨੂੰ ਵੀ ਸੰਵਾਰਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਅਧਿਆਪਕਾਂ ਦਾ ਸਤਿਕਾਰ ਕਰਨ ਅਤੇ ਮਿਹਨਤ ਤੇ ਅਨੁਸ਼ਾਸਨ ਨਾਲ ਜੀਵਨ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ, ਉਹਨਾਂ ਨੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਇਸ ਵਿਸ਼ੇਸ਼ ਦਿਨ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਸਮਾਗਮ ਦਾ ਮਾਹੌਲ ਖੁਸ਼ੀ, ਸਤਿਕਾਰ ਅਤੇ ਉਤਸ਼ਾਹ ਨਾਲ ਭਰਿਆ ਹੋਇਆ ਸੀ।

# ਗੋਰਾ ਬੀਜੇਪੀ ਐਸਸੀ ਮੋਰਚਾ ਅਤੇ ਭਿੰਦੀ ਧੂਰੀ ਬੀਜੇਪੀ ਦੇ ਬਣੇ ਜਰਨਲ ਸਕੱਤਰ

**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਦੀ ਦੀ ਅਗਵਾਈ ਦੇ ਹੇਠ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਪਾਰਟੀ ਵਿੱਚ ਸੇਵਾਵਾਂ ਨਿਭਾ ਰਹੇ, ਨਰਪਿੰਦਰ ਸਿੰਘ ਗੋਰਾ ਨੂੰ ਬੀਜੇਪੀ ਐਸੀ ਵਿੰਗ ਦੇ ਜਿਲ੍ਹਾ ਪ੍ਰਧਾਨ ਅਤੇ ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਭਿੰਦੀ ਧੂਰੀ ਨੂੰ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸਰਜੀਵਨ ਜਿੰਦਲ ਵੱਲੋਂ ਪਾਰਟੀ ਦੇ ਜਿਲ੍ਹਾ ਜਨਰਲ ਸਕੱਤਰ ਦੀ ਜਿੰਮੇਵਾਰੀ ਸੌਂਪੀ ਗਈ।ਇਸ ਨਿਯੁਕਤੀ ਤੇ ਪਾਰਟੀਆਂ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਐਸੀ ਵਿੰਗ ਦੇ ਜਿਲ੍ਹਾ ਪ੍ਰਧਾਨ ਨਰਪਿੰਦਰ ਸਿੰਘ ਗੋਰਾ ਅਤੇ ਜਰਨਲ ਸਕੱਤਰ ਪਰਮਜੀਤ ਸਿੰਘ ਭਿੰਦੀ ਨੇ ਕਿਹਾ ਕਿ ਉਹ ਪਾਰਟੀ ਹਾਈ ਕਮਾਂਡ ਅਤੇ ਜਿਲਾ ਪ੍ਰਧਾਨ ਸਰਜੀਵਨ ਸਿੰਘ ਜਿੰਦਲ ਤੇ ਉੱਘੇ ਸਮਾਜ ਸੇਵੀ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਨ।ਜਿਨਾਂ ਨੇ ਉਹਨਾਂ ਦੀ ਪਾਰਟੀ ਪ੍ਰਤੀ ਸੇਵਾ ਭਾਵਨਾ ਨੂੰ ਦੇਖਦਿਆਂ ਹੋਇਆਂ ਪਾਰਟੀ ਵਿੱਚ ਸੇਵਾ ਕਰਨ ਦਾ ਮੌਕਾ ਦਿੱਤਾ ਹੈ। ਉਹਨਾਂ ਕਿਹਾ ਕਿ ਉਹ 2027 ਦੀਆਂ ਵਿਧਾਨ ਸਭਾ ਚੋਣਾਂ ਜਿੱਤਣ ਦੇ ਲਈ ਪਾਰਟੀ ਦੇ ਲਈ ਦਿਨ ਰਾਤ ਇੱਕ ਕਰਕੇ ਪਾਰਟੀ ਦੇ ਉਮੀਦਵਾਰਾਂ ਨੂੰ ਜਿਤਾਉਣ ਵਿੱਚ ਆਪਣਾ ਅਹਿਮ ਯੋਗਦਾਨ ਪਾਉਣਗੇ।





# ਸਿੱਖ ਮਸਲਿਆਂ 'ਤੇ ਵਾਅਦੇ ਨਾ ਨਿਭਾਏ ਤਾਂ ਯੂਕੇ ਦੇ ਲੇਬਰ ਪਾਰਟੀ ਨੂੰ ਚੋਣਾਂ 'ਚ ਭੁਗਤਣਾ ਪਵੇਗਾ ਖ਼ਿਮਿਆਜ਼ਾ: ਦਬਿੰਦਰਜੀਤ ਸਿੰਘ

### ਹੇਟ ਕ੍ਰਾਈਮ, ਜੱਗੀ ਜੌਹਲ ਦੀ ਰਿਹਾਈ, ਥੈਚਰ ਦੌਰ ਦੀ ਜਾਂਚ ਤੇ ਭਾਰਤੀ ਦਖ਼ਲਅੰਦਾਜ਼ੀ ਦੇ ਦੋਸ਼ਾਂ ਸਮੇਤ ਮੁੱਖ ਮੁੱਦਿਆਂ 'ਤੇ ਸਰਕਾਰ ਨੂੰ ਘੇਰਨ ਦੀ ਤਿਆਰੀ



**ਨਵੀਂ ਦਿੱਲੀ, 6 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:- ਸਿੱਖ ਫੈਡਰੇਸ਼ਨ (ਯੂਕੇ) ਨੇ ਲੇਬਰ ਸਰਕਾਰ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਹੈ ਕਿ ਸਿੱਖ ਭਾਈਚਾਰੇ ਨਾਲ ਕੀਤੇ ਵਾਅਦਿਆਂ 'ਤੇ ਕਾਰਵਾਈ ਨਾ ਹੋਈ ਤਾਂ ਅਗਲੀਆਂ ਆਮ ਚੋਣਾਂ ਵਿੱਚ ਸਰਕਾਰ ਨੂੰ ਭਾਰੀ ਸਿਆਸੀ ਕੀਮਤ ਚੁਕਾਉਣੀ ਪਵੇਗੀ। 11 ਤੋਂ 13 ਸਤੰਬਰ ਤੱਕ ਵੈਸਟ ਮਿਡਲੈਂਡਜ਼ ਵਿੱਚ ਹੋਣ ਵਾਲੀ ਨੈਸ਼ਨਲ ਸਿੱਖ ਕਨਵੈਨਸ਼ਨ ਵਿੱਚ 10 ਹਜ਼ਾਰ ਤੋਂ ਵੱਧ ਸਿੱਖਾਂ ਦੇ ਇਕੱਠ ਦੀ ਉਮੀਦ ਹੈ। ਕਨਵੈਨਸ਼ਨ ਵਿੱਚ ਐਂਟੀ-ਸਿੱਖ ਹੇਟ ਕ੍ਰਾਈਮ ਨੂੰ ਸਰਕਾਰੀ ਤੌਰ 'ਤੇ ਸਹੀ ਢੰਗ ਨਾਲ ਦਰਜ ਕਰਨ, ਸਿੱਖਾਂ ਦੀ ਨਸਲੀ ਪਛਾਣ ਨੂੰ ਮਾਨਤਾ ਦੇਣ, ਸਿੱਖ ਪਛਾਣ ਅਧਾਰਿਤ ਵਿਤਕਰੇ ਵਿਰੁੱਧ ਕਾਨੂੰਨੀ ਸੁਰੱਖਿਆ, ਜਗਤਾਰ ਸਿੰਘ ਜੱਗੀ ਜੌਹਲ ਦੀ ਰਿਹਾਈ ਤੇ ਵਾਪਸੀ, ਮਾਰਗਰੇਟ ਥੈਚਰ ਦੇ ਦੌਰ ਦੀਆਂ ਸਿੱਖ-ਸਬੰਧੀ ਕਾਰਵਾਈਆਂ ਬਾਰੇ ਜੱਜ ਦੀ ਅਗਵਾਈ ਹੇਠ ਪਬਲਿਕ ਇਨਕੁਆਰੀ, ਹੈਨਰੀ ਨੋਵਾਕ ਮਾਮਲੇ ਦੀਆਂ ਕਥਿਤ ਬਹੁ-ਏਜੰਸੀ ਨਾਕਾਮੀਆਂ ਦੀ ਜਾਂਚ ਅਤੇ ਭਾਰਤੀ ਸਰਕਾਰ 'ਤੇ ਲੱਗ ਰਹੇ ਟਰਾਂਸਨੈਸ਼ਨਲ ਰਿਪ੍ਰੈਸ਼ਨ ਦੇ ਦੋਸ਼ਾਂ ਵਿਰੁੱਧ ਕਾਰਵਾਈ ਵਰਗੇ ਮੁੱਦੇ ਕੇਂਦਰ ਵਿੱਚ ਰਹਿਣਗੇ। ਸਿੱਖ ਫੈਡਰੇਸ਼ਨ ਨੇ ਐਂਟੀ-ਸਿੱਖ ਹੇਟ ਕ੍ਰਾਈਮ ਦੇ ਮਾਮਲਿਆਂ ਵਿੱਚ ਸਰਕਾਰੀ ਅਤੇ ਪੁਲਿਸ ਪ੍ਰਬੰਧ 'ਤੇ ਗੰਭੀਰ ਸਵਾਲ ਚੁੱਕੇ ਹਨ। ਓਲਡਬਰੀ ਵਿੱਚ ਇੱਕ ਨੌਜਵਾਨ ਸਿੱਖ ਔਰਤ ਨਾਲ ਕਥਿਤ ਨਸਲੀ ਤੌਰ 'ਤੇ ਪ੍ਰੇਰਿਤ ਬਲਾਤਕਾਰ ਨੂੰ ਇੱਕ ਸਾਲ ਬੀਤਣ ਦੇ ਬਾਵਜੂਦ ਦੋਸ਼ੀਆਂ ਦੀ ਪਛਾਣ ਨਾ ਹੋਣ ਅਤੇ ਵੂਲਵਰਹੈਂਪਟਨ ਵਿੱਚ ਦੋ ਬਜ਼ੁਰਗ ਸਿੱਖ ਟੈਕਸੀ ਡਰਾਈਵਰਾਂ 'ਤੇ ਹਮਲੇ ਦੇ ਮਾਮਲੇ ਵਿੱਚ ਮੁਕੱਦਮਾ 2029 ਤੱਕ ਟਲਣ ਨੂੰ ਸੰਗਠਨ ਨੇ ਨਿਆਂ ਪ੍ਰਣਾਲੀ ਦੀ ਗੰਭੀਰ ਸੁਸਤੀ ਦੱਸਿਆ ਹੈ। ਸੰਗਠਨ ਦਾ ਦਾਅਵਾ ਹੈ ਕਿ ਕਈ ਐਂਟੀ-ਸਿੱਖ ਹੇਟ ਕ੍ਰਾਈਮ ਹੋਰ ਸ਼੍ਰੇਣੀਆਂ ਹੇਠ ਦਰਜ ਹੋ ਰਹੇ ਹਨ, ਜਿਸ ਕਾਰਨ ਸਰਕਾਰੀ ਅੰਕੜਿਆਂ ਵਿੱਚ ਇਸ ਦੀ ਅਸਲ ਗਿਣਤੀ ਸਾਹਮਣੇ ਨਹੀਂ ਆ ਰਹੀ। ਸਿੱਖ ਫੈਡਰੇਸ਼ਨ ਦੇ ਦਬਿੰਦਰਜੀਤ ਸਿੰਘ ਨੇ ਕਿਹਾ ਹੈ ਕਿ ਸਰਕਾਰ ਸਿੱਖ ਭਾਈਚਾਰੇ ਦੀਆਂ ਚਿੰਤਾਵਾਂ ਨਾਲ ਲੋੜੀਂਦਾ ਸਿੱਧਾ ਸੰਵਾਦ ਨਹੀਂ ਕਰ ਰਹੀ ਅਤੇ ਜਗਤਾਰ ਸਿੰਘ ਜੌਹਲ ਦੇ ਮਾਮਲੇ ਵਿੱਚ "ਚੁੱਪ ਕੂਟਨੀਤੀ" ਅਸਫਲ ਰਹੀ ਹੈ। ਸੰਗਠਨ ਨੇ ਬ੍ਰਿਟੇਨ ਵਿੱਚ ਸਿੱਖ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਣ ਦੇ ਭਾਰਤੀ ਸਰਕਾਰ 'ਤੇ ਲਾਏ ਜਾ ਰਹੇ ਦੋਸ਼ਾਂ ਦੇ ਮੱਦੇਨਜ਼ਰ ਸਖ਼ਤ ਸਰਕਾਰੀ ਕਾਰਵਾਈ ਦੀ ਮੰਗ ਕੀਤੀ ਹੈ। ਸਿੱਖ ਫੈਡਰੇਸ਼ਨ ਦਾ ਕਹਿਣਾ ਹੈ ਕਿ ਹੁਣ ਭਰੋਸਿਆਂ ਦਾ ਸਮਾਂ ਲੰਘ ਗਿਆ ਹੈ—ਲੇਬਰ ਸਰਕਾਰ ਨੂੰ ਵਾਅਦਿਆਂ ਨੂੰ ਅਮਲ ਵਿੱਚ ਬਦਲਣਾ ਪਵੇਗਾ, ਨਹੀਂ ਤਾਂ ਅਗਲੀ ਚੋਣ ਵਿੱਚ ਸਿੱਖ ਭਾਈਚਾਰੇ ਦੇ ਸਿਆਸੀ ਫੈਸਲੇ ਦਾ ਸਾਹਮਣਾ ਕਰਨਾ ਪਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਤਖ਼ਤ ਸ੍ਰੀ ਪਟਨਾ ਸਾਹਿਬ 'ਤੇ ਸੰਗਤ ਦੀ ਸਹੂਲਤ ਲਈ ਵੱਡੀ ਪਹਿਲ

# ਨਵੇਂ ਜੋੜਾਘਰ ਦੀ ਕਾਰ ਸੇਵਾ ਆਰੰਭ



**ਨਵੀਂ ਦਿੱਲੀ, 6 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):-** ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਸੰਗਤ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਨਵੇਂ ਆਧੁਨਿਕ ਜੋੜਾਘਰ ਦੇ ਨਿਰਮਾਣ ਦੀ ਕਾਰ ਸੇਵਾ ਅੱਜ ਅਰਦਾਸ ਉਪਰੰਤ ਸ਼ੁਰੂ ਕਰ ਦਿੱਤੀ ਗਈ। ਤਖ਼ਤ ਸਾਹਿਬ ਦੇ ਬੇਸਮੈਂਟ ਵਿੱਚ ਬਣਨ ਵਾਲੇ ਇਸ ਜੋੜਾਘਰ ਦੀ ਕਾਰ ਸੇਵਾ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਦੇ ਸੰਪਰਦਾਇ ਵੱਲੋਂ ਨਿਭਾਈ ਜਾਵੇਗੀ। ਕਾਰ ਸੇਵਾ ਦੀ ਸ਼ੁਰੂਆਤ ਮੌਕੇ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਬਲਦੇਵ ਸਿੰਘ ਜੀ ਵੱਲੋਂ ਅਰਦਾਸ ਕੀਤੀ ਗਈ। ਇਸ ਮੌਕੇ ਪੰਜ ਸਿੰਘ ਸਾਹਿਬਾਨ, ਤਖ਼ਤ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ, ਮਹਾਸਚਿਵ ਇੰਦਰਜੀਤ ਸਿੰਘ, ਉਪ ਪ੍ਰਧਾਨ ਗੁਰਵਿੰਦਰ ਸਿੰਘ ਸਮੇਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਬਾਬਾ ਸੁਖਵਿੰਦਰ ਸਿੰਘ, ਬਾਬਾ ਗੁਰਵਿੰਦਰ ਸਿੰਘ ਅਤੇ ਸੁਮਿਤ ਸਿੰਘ ਕਲਸੀ ਸਮੇਤ ਹੋਰ ਪਤਵੰਤੇ ਹਾਜ਼ਰ ਰਹੇ। ਤਖ਼ਤ ਸਾਹਿਬ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਪ੍ਰਕਾਸ਼ ਪੁਰਬ ਅਤੇ ਹੋਰ ਵੱਡੇ ਧਾਰਮਿਕ ਸਮਾਗਮਾਂ ਦੌਰਾਨ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤ ਪਟਨਾ ਸਾਹਿਬ ਪਹੁੰਚਦੀ ਹੈ, ਜਿਸ ਕਾਰਨ ਜੁੱਤੇ-ਚੱਪਲ ਸੁਰੱਖਿਅਤ ਰੱਖਣ ਲਈ ਢੁਕਵੀਂ ਵਿਵਸਥਾ ਕਰਨਾ ਕਈ ਵਾਰ ਚੁਣੌਤੀ ਬਣ ਜਾਂਦਾ ਹੈ। ਬੇਸਮੈਂਟ ਵਿੱਚ ਬਣਨ ਵਾਲਾ ਨਵਾਂ ਜੋੜਾਘਰ ਇਸ ਸਮੱਸਿਆ ਦਾ ਸਥਾਈ ਹੱਲ ਮੁਹੱਈਆ ਕਰਵਾਏਗਾ। ਇਸ ਨਾਲ ਵੱਡੀ ਗਿਣਤੀ ਵਿੱਚ ਆਉਣ ਵਾਲੀ ਸੰਗਤ ਨੂੰ ਆਪਣੇ ਜੁੱਤੇ-ਚੱਪਲ ਸੁਰੱਖਿਅਤ ਰੱਖਣ ਦੀ ਸਹੂਲਤ ਮਿਲੇਗੀ ਅਤੇ ਤਖ਼ਤ ਸਾਹਿਬ ਕੰਪਲੈਕਸ ਦੀਆਂ ਵਿਵਸਥਾਵਾਂ ਵੀ ਹੋਰ ਸੁਚੱਜੀਆਂ ਹੋਣਗੀਆਂ। ਉਨ੍ਹਾਂ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਦੇ ਸੰਪਰਦਾਇ ਦਾ ਧੰਨਵਾਦ ਕਰਦਿਆਂ ਕਿਹਾ ਕਿ ਧਾਰਮਿਕ ਅਸਥਾਨਾਂ 'ਤੇ ਸੰਗਤ ਲਈ ਬੁਨਿਆਦੀ ਸਹੂਲਤਾਂ ਦੇ ਨਿਰਮਾਣ ਵਿੱਚ ਕਾਰ ਸੇਵਾ ਸੰਪਰਦਾਇ ਦਾ ਯੋਗਦਾਨ ਲੰਮੇ ਸਮੇਂ ਤੋਂ ਮਹੱਤਵਪੂਰਨ ਰਿਹਾ ਹੈ।

### ਬੇਸਮੈਂਟ 'ਚ ਬਣੇਗਾ ਆਧੁਨਿਕ ਜੋੜਾਘਰ, ਨਵੀਂ ਸਰਾਂ ਦਾ ਨਿਰਮਾਣ ਵੀ ਜਾਰੀ

ਇਸ ਦੇ ਨਾਲ ਹੀ ਤਖ਼ਤ ਸਾਹਿਬ ਵਿਖੇ ਸੰਗਤ ਦੀ ਰਿਹਾਇਸ਼ ਲਈ ਆਧੁਨਿਕ ਸਹੂਲਤਾਂ ਨਾਲ ਲੈਸ ਨਵੀਂ ਸਰਾਂ ਦਾ ਨਿਰਮਾਣ ਵੀ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਵੱਲੋਂ ਕਰਵਾਇਆ ਜਾ ਰਿਹਾ ਹੈ। ਸਰਾਂ ਦਾ ਨਿਰਮਾਣ ਕਾਰਜ ਤੇਜ਼ੀ ਨਾਲ ਜਾਰੀ ਹੈ ਅਤੇ ਇਸ ਦੇ ਦਸੰਬਰ ਮਹੀਨੇ ਤੱਕ ਮੁਕੰਮਲ ਹੋਣ ਦੀ ਉਮੀਦ ਹੈ। ਵੱਡੇ ਧਾਰਮਿਕ ਸਮਾਗਮਾਂ ਅਤੇ ਪ੍ਰਕਾਸ਼ ਪੁਰਬ ਮੌਕੇ ਪਟਨਾ ਸਾਹਿਬ ਪਹੁੰਚਣ ਵਾਲੀ ਸੰਗਤ ਲਈ ਰਿਹਾਇਸ਼ ਦੀ ਸਮੱਸਿਆ ਨੂੰ ਦੇਖਦਿਆਂ ਇਹ ਸਰਾਂ ਵੀ ਅਹਿਮ ਸਹੂਲਤ ਸਾਬਤ ਹੋਵੇਗੀ। ਨਵੇਂ ਜੋੜਾਘਰ ਅਤੇ ਸਰਾਂ ਦੇ ਨਿਰਮਾਣ ਕਾਰਜਾਂ ਨੂੰ ਤਖ਼ਤ ਸਾਹਿਬ ਵਿਖੇ ਸੰਗਤ ਦੀਆਂ ਸਹੂਲਤਾਂ ਵਧਾਉਣ ਅਤੇ ਪ੍ਰਬੰਧਾਂ ਨੂੰ ਹੋਰ ਸੁਚੱਜਾ ਬਣਾਉਣ ਵੱਲ ਮਹੱਤਵਪੂਰਨ ਪਹਿਲ ਮੰਨਿਆ ਜਾ ਰਿਹਾ ਹੈ। ਕਾਰ ਸੇਵਾ ਦੀ ਸ਼ੁਰੂਆਤ ਮੌਕੇ ਸੰਗਤ ਨੇ ਵੀ ਇਨ੍ਹਾਂ ਕਾਰਜਾਂ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਇਸ ਨੂੰ ਤਖ਼ਤ ਸਾਹਿਬ ਵਿਖੇ ਆਉਣ ਵਾਲੇ ਸ਼ਰਧਾਲੂਆਂ ਲਈ ਵੱਡੀ ਸਹੂਲਤ ਕਰਾਰ ਦਿੱਤਾ।

### ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ

# ਅਧਿਆਪਕ ਦਿਵਸ ਮੌਕੇ ਅਧਿਆਪਕਾਂ ਨੇ ਲਾਈਆਂ ਰੌਣਕਾਂ



ਬਿਲਾਸਪੁਰ/ਮੋਗਾ (ਵਰਿਆਮ ਹਠੂਰ): ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਵਿਖੇ ਅਧਿਆਪਕ ਦਿਵਸ ਬੜੇ ਉਤਸ਼ਾਹ ਅਤੇ ਖ਼ੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਸਮੂਹ ਅਧਿਆਪਕਾਂ ਵੱਲੋਂ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਸਮਾਗਮ ਦੀ ਸ਼ੁਰੂਆਤ ਡਾਕਟਰ ਰਾਧਾਕ੍ਰਿਸ਼ਨਨ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਕੇ ਕੀਤੀ ਗਈ, ਇਸ ਦੌਰਾਨ ਅਧਿਆਪਕਾਂ ਨੇ ਵੱਖ-ਵੱਖ ਮਨੋਰੰਜਕ ਗਤੀਵਿਧੀਆਂ, ਖੇਡਾਂ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ। ਅਧਿਆਪਕਾਂ ਦੀਆਂ ਪੇਸ਼ਕਾਰੀਆਂ ਅਤੇ ਹਾਸ-ਮਜ਼ਾਕ ਭਰੀਆਂ ਗਤੀਵਿਧੀਆਂ ਨੇ ਸਮਾਗਮ ਨੂੰ ਯਾਦਗਾਰ ਬਣਾ ਦਿੱਤਾ। ਇਸ ਦੌਰਾਨ ਸਮੂਹ ਸਟਾਫ਼ ਨੇ ਆਪਸੀ ਪਿਆਰ, ਸਾਂਝ ਅਤੇ ਸਹਿਯੋਗ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ। ਸਕੂਲ ਦੇ ਪ੍ਰਧਾਨ ਸਮਾਜ ਸੇਵੀ ਸ੍ਰ: ਚਰਨ ਸਿੰਘ ਸਕੂਲ ਚੇਅਰਮੈਂਨ ਯੋਗਿੰਦਰ ਪ੍ਰਸਾਦ ਸ਼ਰਮਾ, ਸਕੂਲ ਦੇ ਮੈਨੇਜਿੰਗ ਡਾਇਰੈਕਟਰ ਮੋਹਨੀਸ਼ ਮਿਸ਼ਾ ਵੀ ਇਸ ਖਾਸ ਮੌਕੇ ਤੇ ਅਧਿਆਪਕਾਂ ਵਿੱਚਕਾਰ ਹਾਜ਼ਰ ਰਹੇ। ਉਹਨਾਂ ਨੇ ਸਮੂਹ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਅਧਿਆਪਕ ਸਮਾਜ ਦੇ ਨਿਰਮਾਤਾ ਹੁੰਦੇ ਹਨ। ਉਨ੍ਹਾਂ ਦੀ ਮਿਹਨਤ, ਸਮਰਪਣ ਅਤੇ ਸਹੀ ਮਾਰਗਦਰਸ਼ਨ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਨੀਂਹ ਰੱਖਦਾ ਹੈ।



ਸਮਾਗਮ ਦੇ ਅੰਤ ਵਿੱਚ ਸਮੂਹ ਅਧਿਆਪਕਾਂ ਨੇ ਖੁਸ਼ੀਆਂ ਸਾਂਝੀਆਂ ਕੀਤੀਆਂ ਅਤੇ ਅਧਿਆਪਕ ਦਿਵਸ ਨੂੰ ਉਤਸ਼ਾਹਪੂਰਵਕ ਢੰਗ ਨਾਲ ਮਨਾਇਆ ਅਤੇ ਅੰਤ ਵਿੱਚ ਵੱਖ-ਵੱਖ ਕਰਵਾਈਆਂ ਗਈਆਂ ਗਤੀਵਿਧੀਆਂ ਵਿੱਚ ਜੇਤੂ ਰਹਿਣ ਵਾਲੇ ਅਧਿਆਪਕਾਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।

# ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਤਲਵੰਡੀ ਸਾਬੋ ਦੀ ਹੋਈ ਮਹੀਨਾਵਾਰ ਮੀਟਿੰਗ



**ਤਲਵੰਡੀ ਸਾਬੋ, 06 ਸਤੰਬਰ (ਗੁਰਜੰਟ ਸਿੰਘ ਨਥੇਹਾ)-** ਬਲਾਕ ਤਲਵੰਡੀ ਸਾਬੋ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਗੁਰਮੇਲ ਸਿੰਘ ਘਈ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਸਾਥੀਆਂ ਵੱਲੋਂ ਵੱਖ-ਵੱਖ ਅਹਿਮ ਮੁੱਦਿਆਂ ਉੱਪਰ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵੀ ਵਿਚਾਰ ਸਾਂਝੇ ਕੀਤੇ ਗਏ। ਮੀਟਿੰਗ ਦੌਰਾਨ ਹਾਜ਼ਰ ਸਾਥੀਆਂ ਨੇ ਆਪਸੀ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਦਿਆਂ ਵੱਖ-ਵੱਖ ਮਸਲਿਆਂ ਸਬੰਧੀ ਆਪਣੇ ਸੁਝਾਅ ਪੇਸ਼ ਕੀਤੇ ਅਤੇ ਆਉਣ ਵਾਲੇ ਸਮੇਂ ਵਿੱਚ ਜਥੇਬੰਦੀ ਦੀਆਂ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਉਣ ਲਈ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਕਾਰਜਕਾਰੀ ਮੈਂਬਰ ਲਛਮਣ ਕੁਮਾਰ ਜਗਾ, ਚੇਅਰਮੈਨ ਜੋਗਿੰਦਰ ਸਿੰਘ ਜਗਾ, ਗੁਰਨਾਮ ਸਿੰਘ ਖੋਖਰ, ਸੀਂਗੋ ਸਰਕਲ ਪ੍ਰਧਾਨ ਭਰਪੂਰ ਸਿੰਘ ਸੀਂਗੋ, ਕੈਸ਼ੀਅਰ ਬਿੱਕਰ ਸਿੰਘ ਧਿੰਗੜ, ਸਹਾਇਕ ਕੈਸ਼ੀਅਰ ਗੁਰਪ੍ਰੀਤ ਸਿੰਘ ਸਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਾਥੀਆਂ ਨੇ ਸ਼ਮੂਲੀਅਤ ਕੀਤੀ।

# ਹਲਕੇ ਦੇ ਪਿੰਡਾਂ ਦੇ ਵਿਕਾਸ ਸਬੰਧੀ ਕਾਂਗਰਸ ਪਾਰਟੀ ਦੇ ਤਲਵੰਡੀ ਸਾਬੋ ਦਫ਼ਤਰ ਵਿਖੇ ਹੋਈ ਅਹਿਮ ਮੀਟਿੰਗ





ਤਲਵੰਡੀ ਸਾਬੋ, 06 ਸਤੰਬਰ (ਗੁਰਜੰਟ ਸਿੰਘ ਨਥੇਹਾ)- ਕਾਂਗਰਸ ਪਾਰਟੀ ਦੇ ਤਲਵੰਡੀ ਸਾਬੋ ਦਫ਼ਤਰ ਵਿਖੇ ਪਿੰਡਾਂ ਦੇ ਵਿਕਾਸ ਸਬੰਧੀ ਬਲਾਕ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਦੀ ਅਗਵਾਈ ਹੇਠ ਇੱਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਪਿੰਡਾਂ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਨੂੰ ਦਰਪੇਸ਼ ਆ ਰਹੀਆਂ ਮੁਸ਼ਕਲਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਪਿੰਡਾਂ ਦੀਆਂ ਸੜਕਾਂ ਦੀ ਮੁਰੰਮਤ ਅਤੇ ਨਿਰਮਾਣ, ਸਫ਼ਾਈ ਵਿਵਸਥਾ, ਪੀਣ ਵਾਲੇ ਸਾਫ਼ ਪਾਣੀ ਦੀ ਸਪਲਾਈ, ਬਿਜਲੀ ਦੀਆਂ ਸਮੱਸਿਆਵਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਸਬੰਧੀ ਵਿਚਾਰ ਸਾਂਝੇ ਕੀਤੇ ਗਏ।ਇਸ ਮੌਕੇ ਬਲਾਕ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੀ ਆਵਾਜ਼ ਬਣ ਕੇ ਪਿੰਡਾਂ ਦੇ ਵਿਕਾਸ ਲਈ ਵਚਨਬੱਧ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਸੁਣਿਆ ਜਾਵੇਗਾ ਅਤੇ ਮਿਲਜੁਲ ਕੇ ਹਰ ਸਮੱਸਿਆ ਦਾ ਹੱਲ ਕਰਨ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਪਿੰਡਾਂ ਦਾ ਵਿਕਾਸ ਹੀ ਇਲਾਕੇ ਅਤੇ ਦੇਸ਼ ਦੀ ਤਰੱਕੀ ਦਾ ਅਸਲ ਆਧਾਰ ਹੈ। ਕਾਂਗਰਸ ਪਾਰਟੀ ਦਾ ਮੁੱਖ ਉਦੇਸ਼ ਹਰ ਪਿੰਡ ਨੂੰ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਨਾ ਅਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਪਿੰਡਾਂ ਨੂੰ ਤਰੱਕੀ ਦੀ ਰਾਹ 'ਤੇ ਹੋਰ ਅੱਗੇ ਲਿਜਾਇਆ ਜਾਵੇਗਾ। ਉਨ੍ਹਾਂ ਕਿਹਾ ਕਿ "ਪਿੰਡ ਦਾ ਵਿਕਾਸ, ਕਾਂਗਰਸ ਦੀ ਪਹਿਲ" ਦੇ ਸੰਕਲਪ ਨਾਲ ਪਾਰਟੀ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਅਤੇ ਪਿੰਡਾਂ ਦੀ ਬਿਹਤਰੀ ਲਈ ਲਗਾਤਾਰ ਕੰਮ ਕਰਦੀ ਰਹੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਕਾਸ ਤਲਵੰਡੀ, ਜਗਤਾਰ ਸਿੰਘ ਮੈਨੂੰਆਣਾ, ਰਣਵੀਰ ਸਿੰਘ ਸ਼ੇਖਪੁਰਾ, ਦਿਲਪ੍ਰੀਤ ਸਿੰਘ ਜਗਾ ਆਦਿ ਆਗੂ ਤੇ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਵੈਨਕੂਵਰ ’ਚ ਭਾਰਤੀ ਕੌਂਸਲੇਟ ਖ਼ਿਲਾਫ਼ ਸਿੱਖ ਸੰਗਤ ਦਾ ਤਿੱਖਾ ਰੋਸ

# ‘ਟੀਮ ਨਿੱਝਰ’ ਦੇ ਗੰਭੀਰ ਦੋਸ਼, ਗੁਰੂ ਘਰਾਂ ਨੂੰ ਸਰਕਾਰੀ ਕੈਂਪ ਬਣਾਉਣ ਵਿਰੁੱਧ ਬੀਬੀਆਂ ਤੇ ਬੱਚੇ ਵੀ ਡਟੇ




**ਨਵੀਂ ਦਿੱਲੀ 6 ਸੰਤਬਰ (ਮਨਪ੍ਰੀਤ ਸਿੰਘ ਖਾਲਸਾ) :-**ਵੈਨਕੂਵਰ ਵਿੱਚ ਭਾਰਤੀ ਕੌਂਸਲੇਟ ਵਲੋਂ ਗੁਰਦੁਆਰਾ ਸਾਹਿਬਾਨ ਵਿੱਚ ਜੀਵਨ ਪ੍ਰਮਾਣ ਪੱਤਰ (ਲਾਈਫ ਸਰਟੀਫਿਕੇਟ) ਕੈਂਪ ਲਗਾਉਣ ਦੇ ਐਲਾਨ ਵਿਰੁੱਧ ਸਿੱਖ ਜਥੇਬੰਦੀਆਂ ਵਲੋਂ 5 ਸਤੰਬਰ, 2026 ਨੂੰ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਸ਼ਹੀਦ ਨਿੱਝਰ ਟੀਮ ਦੇ ਸੱਦੇ ’ਤੇ ਆਯੋਜਿਤ ਇਸ ਵਿਰੋਧ ਪ੍ਰਦਰਸ਼ਨ ਵਿੱਚ ਬੀਬੀਆਂ ਅਤੇ ਛੋਟੇ-ਛੋਟੇ ਬੱਚਿਆਂ ਨੇ ਵੱਡੀ ਪੱਧਰ ’ਤੇ ਸ਼ਮੂਲੀਅਤ ਕਰਕੇ ਆਪਣਾ ਤਿੱਖਾ ਆਕਰੋਸ਼ ਅਤੇ ਵਿਰੋਧ ਦਰਜ ਕਰਵਾਇਆ। ਪ੍ਰਦਰਸ਼ਨਕਾਰੀਆਂ ਨੇ ਦੋਸ਼ ਲਾਇਆ ਕਿ ਇਨ੍ਹਾਂ ਕੈਂਪਾਂ ਦੇ ਬਹਾਨੇ ਗੁਰਦੁਆਰਾ ਸਾਹਿਬਾਨ ਦੀ ਪਵਿੱਤਰਤਾ ਅਤੇ ਕੈਨੇਡੀਅਨ ਕਾਨੂੰਨਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ। ਇਸ ਮੌਕੇ ਟੀਮ ਨਿੱਝਰ ਦੇ ਆਗੂ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਭਾਰਤੀ ਡਿਪਲੋਮੈਟਾਂ ’ਤੇ ਗੰਭੀਰ ਦੋਸ਼ ਲਗਾਉਂਦਿਆਂ ਕਿਹਾ ਕਿ ਇਹ ਲੋਕ ਜਾਣਬੁੱਝ ਕੇ ਲਾਈਫ ਸਰਟੀਫਿਕੇਟ ਵੰਡਣ ਦੇ ਨਾਮ ’ਤੇ ਸੰਗਤ ਨੂੰ ਭੜਕਾਉਣ ਦਾ ਯਤਨ ਕਰ ਰਹੇ ਹਨ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਅਜਿਹੀਆਂ ਹੀ ਸਾਜ਼ਿਸ਼ਾਂ ਦੇ ਨਤੀਜੇ ਵਜੋਂ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦਾ ਕਤਲ ਹੋਇਆ ਸੀ। ਬੁਲਾਰਿਆਂ ਨੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਮੁੱਚੀ ਸੰਗਤ ਨੂੰ ਇੱਕਜੁੱਟ ਹੋ ਕੇ ਇਨ੍ਹਾਂ ਕਦਮਾਂ ਦਾ ਮੂੰਹ-ਤੋੜ ਜਵਾਬ ਦੇਣ ਦਾ ਸੱਦਾ ਦਿੱਤਾ। ਸੰਗਤ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਧਾਰਮਿਕ ਅਸਥਾਨਾਂ ਅਤੇ ਸਿੱਖ ਭਾਈਚਾਰੇ ਦੇ ਅਧਿਕਾਰਾਂ ਦੀ ਰਾਖੀ ਲਈ ਡਟ ਕੇ ਪਹਿਰਾ ਦੇਣ। ਸਿੱਖ ਆਗੂਆਂ ਨੇ ਐਲਾਨ ਕੀਤਾ ਕਿ ਕੈਨੇਡਾ ਦੀ ਧਰਤੀ ’ਤੇ ਸਿੱਖਾਂ ਵਿਰੁੱਧ ਹੋਣ ਵਾਲੀ ਕਿਸੇ ਵੀ ਬਾਹਰੀ ਦਖਲਅੰਦਾਜ਼ੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਰੋਸ ਮੁਜ਼ਾਹਰੇ ਨੇ ਕੈਨੇਡਾ ਵਿੱਚ ਭਾਰਤੀ ਡਿਪਲੋਮੈਟਿਕ ਗਤੀਵਿਧੀਆਂ ਵਿਰੁੱਧ ਸਿੱਖ ਭਾਈਚਾਰੇ ਦੇ ਵਧ ਰਹੇ ਗੁੱਸੇ ਨੂੰ ਇੱਕ ਵਾਰ ਫਿਰ ਪ੍ਰਤੱਖ ਕਰ ਦਿੱਤਾ ਹੈ। ਇਸ ਮੌਕੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਤੋਂ ਵਾਈਸ ਪ੍ਰੈਸੀਡੈਂਟ ਭਾਈ ਗੁਰਮੀਤ ਸਿੰਘ ਗਿੱਲ, ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਮਨਜਿੰਦਰ ਸਿੰਘ ਐਸਐਫਜੇ, ਭਾਈ ਦਲਜੀਤ ਸਿੰਘ, ਭਾਈ ਚਰਨਜੀਤ ਸਿੰਘ, ਭਾਈ ਰਜਿੰਦਰ ਸਿੰਘ, ਭਾਈ ਜੈਕ ਸਿੱਧੂ, ਭਾਈ ਰਜਿੰਦਰ ਸਿੰਘ ਨੱਤ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਭਾਈ ਹਰਬੰਸ ਸਿੰਘ ਔਜਲਾ ਸਮੇਤ ਵਡੀ ਗਿਣਤੀ ਵਿਚ ਸੰਗਤਾਂ ਹਾਜਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਘਰ ਕੋਈ ਸਰਕਾਰੀ ਦਫ਼ਤਰ ਨਹੀਂ, ਗੁਰਦੁਆਰਿਆਂ ਦੀ ਧਾਰਮਿਕ ਖੁਦਮੁਖਤਿਆਰੀ ਦੀ ਰਾਖੀ ਦਾ ਐਲਾਨ**

# ਸਵਰਗਵਾਸੀ ਸ੍ਰੀਮਤੀ ਦਰਸ਼ਨਾ ਦੇਵੀ-ਸੇਵਾ, ਪਿਆਰ ਅਤੇ ਮਨੁੱਖਤਾ ਦੀ ਜੋਤ—ਪੀ.ਸੀ ਕੁਮਾਰ




ਫ਼ਿਰੋਜ਼ਪੁਰ, 06 ਸਤੰਬਰ (ਮਨੋਹਰ ਲਾਲ) :— ਮੇਰੀ ਸਵਰਗਵਾਸੀ ਜੀਵਨ ਸਾਥਣ ਸ੍ਰੀਮਤੀ ਦਰਸ਼ਨਾ ਦੇਵੀ ਮੇਰੇ ਜੀਵਨ ਦੀ ਕੇਵਲ ਜੀਵਨ ਸਾਥਣ ਹੀ ਨਹੀਂ ਸਨ, ਸਗੋਂ ਮੇਰੇ ਲਈ ਪ੍ਰੇਰਣਾ, ਸੇਵਾ ਭਾਵਨਾ ਅਤੇ ਮਨੁੱਖਤਾ ਦੀ ਇੱਕ ਜੀਉਂਦੀ ਮਿਸਾਲ ਸਨ। ਉਨ੍ਹਾਂ ਦੇ ਜੀਵਨ ਵਿੱਚ ਜੋ ਰੌਸ਼ਨੀ, ਜੋ ਚਮਕ, ਜੋ ਸੇਵਾ ਭਾਵ ਅਤੇ ਜੋ ਦੇਸ਼ ਪ੍ਰੇਮ ਸੀ, ਉਹ ਕੇਵਲ ਆਪਣੇ ਪਰਿਵਾਰ ਤੱਕ ਸੀਮਿਤ ਨਹੀਂ ਸੀ। ਉਹ ਆਪਣੇ ਪਰਿਵਾਰ ਨੂੰ ਹੀ ਨਹੀਂ, ਸਗੋਂ ਪਿੰਡ, ਸ਼ਹਿਰ, ਸਮਾਜ, ਦੇਸ਼ ਅਤੇ ਸਾਰੀ ਮਨੁੱਖਤਾ ਨੂੰ ਆਪਣਾ ਪਰਿਵਾਰ ਸਮਝਦੇ ਸਨ। ਇਹ ਵਿਚਾਰ ਸਾਂਝੇ ਕਰਦਿਆਂ ਪੀ.ਸੀ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦਾ ਵਿਸ਼ਵਾਸ ਸੀ ਕਿ ਦੁਨੀਆ ਵਿੱਚ ਕੋਈ ਵੀ ਮਨੁੱਖ ਜਾਂ ਜੀਵ ਸਾਡੇ ਤੋਂ ਵੱਖਰਾ ਨਹੀਂ। ਮਨੁੱਖ ਹੋਵੇ ਜਾਂ ਜੀਵ ਜੰਤੂ, ਪੰਛੀ ਹੋਣ ਜਾਂ ਕੀੜੇ ਮਕੌੜੇ, ਗਊਆਂ ਹੋਣ ਜਾਂ ਹੋਰ ਪਸ਼ੂ, ਬਨਸਪਤੀ ਹੋਵੇ ਜਾਂ ਧਰਤੀ, ਪਾਣੀ, ਹਵਾ ਅਤੇ ਆਕਾਸ਼—ਇਹ ਸਾਰੀ ਸ੍ਰਿਸ਼ਟੀ ਪਰਮਾਤਮਾ ਦੀ ਰਚਨਾ ਹੈ। ਇਸ ਲਈ ਹਰ ਜੀਵ ਦੀ ਸੰਭਾਲ ਕਰਨਾ ਅਤੇ ਉਸ ਨਾਲ ਪਿਆਰ ਕਰਨਾ ਮਨੁੱਖ ਦਾ ਫਰਜ਼ ਹੈ ਉਹ ਹਰ ਜੀਵ ਨੂੰ ਆਪਣਾ ਹੀ ਅੰਗ ਸਮਝ ਕੇ ਉਸ ਦੀ ਸੰਭਾਲ ਕਰਨ ਦੀ ਪ੍ਰੇਰਣਾ ਦਿੰਦੇ ਸਨ। ਉਨ੍ਹਾਂ ਦੀ ਸੋਚ ਵਿੱਚ ਸੇਵਾ ਕਿਸੇ ਇੱਕ ਜਾਤ, ਧਰਮ, ਵਰਗ ਜਾਂ ਪਰਿਵਾਰ ਲਈ ਨਹੀਂ ਸੀ, ਸੇਵਾ ਦਾ ਘੇਰਾ ਸਾਰੀ ਸ੍ਰਿਸ਼ਟੀ ਤੱਕ ਫੈਲਿਆ ਹੋਇਆ ਸੀ। ਗੱਲਬਾਤ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਅੱਜ ਵੀ ਉਨ੍ਹਾਂ ਦੀ ਯਾਦ ਮੇਰੇ ਜੀਵਨ ਵਿੱਚ ਇੱਕ ਅਮੁੱਲੀ ਪ੍ਰੇਰਣਾ ਹੈ। ਉਨ੍ਹਾਂ ਦੇ ਜੀਵਨ ਦੇ ਸੰਸਕਾਰਾਂ ਨੇ ਮੈਨੂੰ ਵੀ ਇਹ ਸਿੱਖਿਆ ਦਿੱਤੀ ਕਿ ਮਨੁੱਖ ਦਾ ਅਸਲ ਧਨ ਉਸ ਦੀ ਜਾਇਦਾਦ ਨਹੀਂ, ਸਗੋਂ ਉਸ ਵੱਲੋਂ ਕੀਤੀ ਗਈ ਨਿਸ਼ਕਾਮ ਸੇਵਾ ਹੈ। ਮੇਰੀ ਜ਼ਿੰਦਗੀ ਦਾ ਇੱਕ ਮੁੱਖ ਉਦੇਸ਼ ਸਵੇਰੇ ਉੱਠ ਕੇ ਬੇਸਹਾਰਾ ਜੀਵਾਂ ਲਈ ਰੋਟੀ, ਚਾਰਾ ਅਤੇ ਪੱਠੇ ਪਾਉਣਾ ਰਿਹਾ ਹੈ। ਗਲੀਆਂ ਵਿੱਚ ਫਿਰਦੇ ਬੇਸਹਾਰਾ ਪਸ਼ੂਆਂ, ਗਊਆਂ ਅਤੇ ਹੋਰ ਜੀਵਾਂ ਲਈ ਜਿੱਥੋਂ ਵੀ ਸੰਭਵ ਹੋਵੇ ਖਾਣ ਪੀਣ ਦਾ ਪ੍ਰਬੰਧ ਕਰਨਾ ਮੇਰੇ ਰੋਜ਼ਾਨਾ ਜੀਵਨ ਦਾ ਹਿੱਸਾ ਬਣ ਗਿਆ ਹੈ। ਗਊਸ਼ਾਲਾਵਾਂ ਵਿੱਚ ਵੀ ਬਿਮਾਰ ਅਤੇ ਕਮਜ਼ੋਰ ਗਊਆਂ ਦੀ ਵਿਸ਼ੇਸ਼ ਸੰਭਾਲ ਦੀ ਲੋੜ ਹੁੰਦੀ ਹੈ। ਕਈ ਵਾਰ ਬਿਮਾਰ ਪਸ਼ੂ ਪੱਠੇ ਨਹੀਂ ਖਾ ਸਕਦੇ ਅਜਿਹੇ ਜੀਵਾਂ ਲਈ ਉਨ੍ਹਾਂ ਦੀ ਲੋੜ ਅਨੁਸਾਰ ਖੁਰਾਕ, ਚਾਰਾ ਅਤੇ ਹੋਰ ਸਹਾਇਤਾ ਦੇਣੀ, ਉਨ੍ਹਾਂ ਦੀ ਸਫ਼ਾਈ ਕਰਨੀ ਅਤੇ ਉਨ੍ਹਾਂ ਨੂੰ ਸੁਰੱਖਿਅਤ ਵਾਤਾਵਰਣ ਦੇਣ ਮੇਰਾ ਮੁਢਲਾ ਕਾਰਜ ਰਿਹਾ ਹੈ।

# ਟਰੱਸਟ ਸਦਾਵਰਤ ਪੰਚਾਇਤੀ ਵੱਲੋਂ 101 ਗਰੀਬ ਲੋੜਵੰਦ ਵਿਧਵਾਵਾਂ ਨੂੰ ਵੰਡਿਆ ਗਿਆ ਰਾਸ਼ਨ




ਫ਼ਿਰੋਜ਼ਪੁਰ, 06 ਸਤੰਬਰ (ਮਨੋਹਰ ਲਾਲ) :— ਮਨੁੱਖਤਾ ਦੀ ਸੇਵਾ ਵਿਚ ਹਮੇਸ਼ਾ ਮੋਹਰਲੀ ਕਤਾਰ ਵਿਚ ਰਹਿਣ ਵਾਲੀ ਟਰੱਸਟ ਸਦਾਵਰਤ ਪੰਚਾਇਤੀ ਵੱਲੋਂ 101 ਗਰੀਬ ਲੋੜਵੰਦ ਵਿਧਵਾਵਾਂ ਨੂੰ ਰਾਸ਼ਨ ਵੰਡਿਆ। ਇਸ ਮੌਕੇ ਤੇ ਟਰੱਸਟ ਸਦਾਵਰਤ ਪੰਚਾਇਤੀ ਦੇ ਆਗੂ ਅਸ਼ਵਨੀ ਮੌਂਗਾ, ਪੀ.ਸੀ ਕੁਮਾਰ, ਓਮ ਪ੍ਰਕਾਸ਼ ਕਟਾਰੀਆ, ਡੀ.ਕੇ ਬਜਾਜ, ਮਦਨ ਲਾਲ ਆਗੂ ਹਾਜ਼ਰ ਸਨ। ਇਸ ਮੌਕੇ ਤੇ ਸਭ ਤੋਂ ਪਹਿਲਾਂ ਜਿਨ੍ਹਾਂ ਨੇ 1914 ਵਿਚ ਇਹ ਟੱਸਟ ਬਣਾਇਆ, ਉਨ੍ਹਾਂ ਬਾਰੇ ਸ੍ਰੀ ਪੀ.ਸੀ ਕੁਮਾਰ ਨੇ ਬੋਲਦਿਆਂ ਕਿਹਾ ਕਿ ਉਹ ਮਹਾਨ ਆਤਮਾਵਾਂ ਸਨ, ਜਿਨ੍ਹਾਂ ਨੇ ਉਸ ਵੇਲੇ ਇਹ ਟਰੱਸਟ ਬਨਾਇਆ, ਜਦੋਂ ਇਥੇ ਅਕਾਲ ਪੈ ਗਿਆ ਸੀ ਅਤੇ ਲੋਕ ਦਾਣੇ—ਦਾਣੇ ਤੋਂ ਤਰਸ ਰਹੇ ਸੀ। ਕੁਝ ਸਮਾਜ ਸੇਵੀ ਦਾਨੀ ਸੱਜਣ ਅੱਗੇ ਆਏ ਅਤੇ ਉਨ੍ਹਾਂ ਆਪਣੀਆਂ ਜਾਇਦਾਦਾਂ ਇਸ ਟਰੱਸਟ ਦੇ ਨਾਮ ਪਰ ਕਰ ਦਿੱਤੀਆਂ ਤਾਂ ਕਿ ਕੋਈ ਭੁੱਖਾ ਨਾ ਸੋ ਸਕੇ, ਜੋ ਕਿ 112 ਸਾਲਾਂ ਤੋਂ ਚੱਲ ਰਿਹਾ ਹੈ ਅਤੇ ਹਰ ਲੋੜਵੰਦ ਦੀ ਮੱਦਦ ਕੀਤੀ ਜਾਂਦੀ ਹੈ। ਇਸ ਮੌਕੇ ਤੇ ਸਮੂਹ ਅਹੁਦੇਦਾਰਾਂ, ਵਰਕਰਾਂ ਅਤੇ ਲੋੜਵੰਦ ਪਰਿਵਾਰ ਹਾਜ਼ਰ ਸਨ। ਇਸ ਮੌਕੇ ਤੇ ਜਨਮ ਅਸ਼ਟਮੀ ਦਾ ਤਿਉਹਾਰ ਬੜੀ ਸ਼ਰਧਾ ਭਾਵਨਾ ਅਤੇ ਸੇਵਾ ਭਾਵਨਾਵਾਂ ਕਰਕੇ ਮਨਾਇਆ ਗਿਆ। ਇਹ ਸੰਸਥਾ ਆਮ ਹਲਾਤਾਂ ਵਚ ਵੀ ਸਾਰਾ ਸਾਲ ਲੋੜਵੰਦਾਂ ਦੀ ਮੱਦਦ ਕਰਦੀ ਹੈ ਅਤੇ ਹਰ ਖੇਤਰ ਵਿਚ ਮੱਦਦ ਕਰਦੀ ਆ ਰਹੀ ਹੈ ਅਤੇ ਹਰ ਨੈਸ਼ਨਲ ਅਤੇ ਇੰਟਰਨੈਸ਼ਨਲ ਤਿਉਹਾਰ ਮਨਾਇਆ ਜਾਂਦਾ ਹੈ, ਜਿਸ ਵਿਚ ਟੀਚਰ, ਮਾਪਿਆਂ ਅਤੇ ਬੱਚਿਆਂ ਨੂੰ ਨੈਤਿਕਤਾ ਦਾ ਪਾਠ ਪੜ੍ਹਾਇਆ ਜਾਂਦਾ ਹੈ ਅਤੇ ਨਾਲ ਹੀ ਦੇਸ਼ ਦੀ ਏਕਤਾ, ਅਖੰਡਤਾ ਅਤੇ ਭਾਈਚਾਰਾ ਸਥਾਪਤ ਕਰਨ ਅਤੇ ਚੰਗੇ ਸਮਾਜ ਦੀ ਸਿਰਜਣਾ ਕਰਕੇ ਸ਼ਹੀਦਾਂ ਦੇ ਸੁਪਨਿਆਂ ਦਾ ਭਾਰਤ ਬਣਾਉਣ ਦਾ ਪ੍ਰਣ ਦੁਆਇਆ ਗਿਆ। ਇਸ ਮੌਕੇ ਤੇ ਟਰੱਸਟ ਦੇ ਅਹੁਦੇਦਾਰਾਂ ਜਿਨ੍ਹਾਂ ਵਿਚ ਅਸ਼ਵਨੀ ਮੌਂਗਾ, ਪੀ.ਸੀ ਕੁਮਾਰ, ਉਮ ਪ੍ਰਕਾਸ਼, ਡੀ.ਕੇ ਬਜਾਜ, ਰਜਨੀਸ਼ ਕਪੂਰ ਸਾਬਕਾ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਨੇ ਵੀ ਆਪਣੇ ਵਿਚਾਰ ਰੱਖੇ।

ਆਵਾਜ਼ਿ ਕੌਮ AWAZE QAUM International Newspaper & WEB TV

# ਗਰੀਬ ਬੱਚਿਆਂ ਨੂੰ ਅਪਰਾਧ ਜਗਤ ਵਿੱਚ ਪੈਰ ਧਰਨ ਦੀ ਗੰਭੀਰ ਸਮੱਸਿਆ ਨੂੰ ਸੁਲਝਾਏਗੀ ਅਧਿਕਾਰ ਸੰਘਰਸ਼ ਪਾਰਟੀ—ਇੰਜ ਸੁਰਿੰਦਰ ਸਿੰਘ ਭਿੰਡਰ



ਫ਼ਿਰੋਜ਼ਪੁਰ, 06 ਸਤੰਬਰ (ਮਨੋਹਰ ਲਾਲ) :— ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਤੇ ਪ੍ਰਮੁੱਖ ਸਲਾਹਕਾਰ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਜਦ ਵੀ ਕੋਈ ਗਰੀਬ ਬੱਚਾ ਅਪਰਾਧ ਦੀ ਦੁਨੀਆ ਵਿਚ ਪੈਰ ਧਰਦਾ ਹੈ ਤਾਂ ਇਹ ਗੱਲ ਸਪੱਸ਼ਟ ਹੋ ਜਾਂਦੀ ਹੈ ਕਿ ਸਰਕਾਰਾਂ ਦਾ ਨਿਜ਼ਾਮ ਬੁਰੀ ਤਰਾਂ ਅਸਫਲ ਹੋ ਚੁੱਕਾ ਹੈ ਅਤੇ ਇਸ ਤੋਂ ਸਾਫ ਜ਼ਾਹਰ ਹੁੰਦਾ ਹੈ ਕਿ ਤਤਕਾਲੀ ਸਰਕਾਰਾਂ ਅਤੇ ਮੌਜੂਦਾ ਸਰਕਾਰ ਨੇ ਗ਼ਰੀਬੀ, ਅਨਪੜ੍ਹਤਾ ਅਤੇ ਗੈਰ ਬਰਾਬਰਤਾ ਨੂੰ ਪ੍ਰਫੁੱਲਿਤ ਹੋਣ ਤੋਂ ਰੋਕਣ ਵਿਚ ਆਪਣੀ ਨਿਗਰ ਸੋਚ ਅਤੇ ਪੁਖ਼ਤਾ ਪ੍ਰਬੰਧ ਅਪਲਾਈ ਨਹੀਂ ਕੀਤੇ। ਉਨ੍ਹਾਂ ਕਿਹਾ ਕਿ ਗਰੀਬੀ, ਸਮਾਜਿਕ ਨਾਬਰਾਬਰੀ ਅਤੇ ਬੱਚਿਆਂ ਨਾਲ ਜਾਤੀ ਭੇਦ ਭਾਵ ਤੇ ਵਿਤਕਰਾ ਉਨਾਂ ਨੂੰ ਅਪਰਾਧ ਦੀ ਦੁਨੀਆ ਵੱਲ ਧੱਕਦੇ ਹਨ।

ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਗਰੀਬ ਬੱਚਿਆਂ ਦਾ ਅਪਰਾਧਿਕ ਮਾਮਲਿਆਂ ਵੱਲ ਆਕਰਸ਼ਿਤ ਹੋਣ ਵੱਲ ਨਹੀਂ ਸਗੋਂ ਸਾਨੂੰ ਉਨ੍ਹਾਂ ਦੇ ਭਿਆਨਕ ਹਾਲਤਾਂ ਵੱਲ ਵਿਸ਼ੇਸ਼ ਧਿਆਨ ਦੇਣਾ ਬਣਦਾ ਹੈ ਜਿੰਨਾ ਕਾਰਨਾਂ ਕਰਕੇ ਇਹ ਸਭ ਵਾਪਰਦਾ ਹੈ, ਪਰ ਸਰਕਾਰਾਂ ਉਨ੍ਹਾਂ ਦੇ ਇੰਨਾਂ ਭਿਅੰਕਰ ਮੁੱਦਿਆਂ ਵੱਲ ਉੱਕਾ ਹੀ ਧਿਆਨ ਨਹੀਂ ਦਿੰਦੀਆਂ। ਪੰਜਾਬ ਪ੍ਰਧਾਨ ਨੇ ਕਿਹਾ ਕਿ ਇਹ ਵੇਖਣ ਵਿਚ ਆਉਂਦਾ ਹੈ ਕਿ ਵਿਕਸਤ ਸਮਾਜ ਦੇ ਲੋਕ ਅਕਸਰ ਹੀ ਕਹਿੰਦੇ ਸੁਣੇ ਜਾਂਦੇ ਹਨ ਕਿ ਗਰੀਬ ਘਰਾਂ ਦੇ ਬੱਚੇ ਹੀ ਅਪਰਾਧੀ ਬਣਦੇ ਹਨ ਇਹ ਲਾਜ਼ਮੀ ਨਹੀਂ ਹੈ। ਨਸ਼ਿਆਂ ਦੀ ਵਰਤੋਂ ਕਰਕੇ ਅਤੇ ਲਗਜ਼ਰੀ ਜ਼ਿੰਦਗੀ ਜਿਊਣ ਦੀ ਤਾਮੰਨਾ ਕਾਰਨ ਧੰਨਾਢਾਂ ਦੇ ਬੱਚੇ ਵੀ ਅਪਰਾਧ ਜਗਤ ਵਿਚ ਪੈਰ ਰੱਖਦੇ ਹਨ। ਸਰਕਾਰਾਂ ਦੀ ਨਿਲਾਇਕੀ, ਆਪਹੁਦਰੀਆਂ ਅਤੇ ਮਾੜੀ ਕਾਨੂੰਨ ਵਿਵਸਥਾ ਵੀ ਨਾਬਾਲਗ ਬੱਚਿਆਂ ਨੂੰ ਜ਼ੁਰਮ ਦੀ ਦੁਨੀਆ ਵੱਲ ਧੱਕਦੀ ਹੈ, ਸਰਕਾਰ ਅਤੇ ਪ੍ਰਸ਼ਾਸਨ ਆਪਣੀ ਇਸ ਜ਼ਿੰਮੇਵਾਰੀ ਤੋਂ ਮੁਕਤ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਗਰੀਬੀ, ਨਸ਼ਿਆਂ ਦੀ ਮਾਰ ਅਤੇ ਗੰਦੀ ਸੁਸਾਇਟੀ ਦੇ ਮਜਬੂਰੀ ਵੱਸ ਖ਼ਾਸ ਕਰਕੇ ਗ਼ਰੀਬ ਘਰਾਂ ਦੇ ਬੱਚੇ ਅਪਰਾਧ ਜਗਤ ਵਿਚ ਪੈਰ ਧਰਦੇ ਹਨ ਜੋ ਸਰਕਾਰ ਦੀ ਘੱਟੀਆ ਇਕਾਗਰਤਾ ਅਤੇ ਅਸਫ਼ਲਤਾ ਨੂੰ ਪੇਸ਼ ਕਰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬ ਪ੍ਰਧਾਨ ਇੰਜ ਭਿੰਡਰ ਨੇ ਅੱਗੇ ਕਿਹਾ ਕਿ ਇਸ ਅਪਰਾਧ ਦੀ ਦੁਨੀਆ ਵਿਚ ਨਾਬਾਲਗ ਬੱਚੇ ਜ਼ਿਆਦਾ ਫਸਦੇ ਹਨ ਕਿਉਂਕਿ ਗ਼ਰੀਬੀ, ਨਸ਼ਿਆਂ ਦੀ ਬਹੁਤਾਤ ਉਪਲੱਬਧਤਾ, ਘਰੇਲੂ ਲੜਾਈ ਝਗੜੇ ਅਤੇ ਚੰਗੀਆਂ ਤੁਰਸ਼ੀਆਂ ਵੀ ਪ੍ਰਮੁੱਖ ਕਾਰਨ ਬਣਦੇ ਹਨ ਅਤੇ ਨਾ ਹੀ ਉਹ ਮਿਲਣ ਵਾਲੇ ਕਾਨੂੰਨੀ ਹੱਕਾਂ ਨੂੰ ਚੰਗੀ ਤਰਾਂ ਸਮਝ ਪਾਉਂਦੇ, ਅਨਪੜ੍ਹਤਾ ਵੀ ਇੱਕ ਵੱਡਾ ਕਾਰਨ ਹੈ, ਸਰਕਾਰਾਂ ਵੀ ਬੱਚਿਆਂ ਨੂੰ ਲੋੜੀਂਦੀਆਂ ਸਹੂਲਤਾਂ ਮੁਹਈਆ ਨਹੀਂ ਕਰਵਾ ਪਾਉਂਦੀਆਂ।

ਪੰਜਾਬ ਪ੍ਰਧਾਨ ਇੰਜ ਭਿੰਡਰ ਨੇ ਕਿਹਾ ਕਿ 2027 ਵਿਚ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ ਨਾਬਾਲਗ ਬੱਚਿਆਂ ਨੂੰ ਅਪਰਾਧ ਜਗਤ ਤੋਂ ਬਚਾਉਣ ਲਈ ਬਾਲ ਨਿਆਂ ਐਕਟ ਪੂਰੀ ਤਰਾਂ ਲਾਗੂ ਕਰਾਂਗੇ ਅਤੇ ਬੱਚਿਆਂ ਨੂੰ ਉਨ੍ਹਾਂ ਦੇ ਕਾਨੂੰਨੀ ਅਧਿਕਾਰਾਂ ਤੋਂ ਚੰਗੀ ਤਰਾਂ ਜਾਣੂੰ ਕਰਵਾਵਾਂਗੇ। ਅਪਰਾਧਾਂ ਵਿਚ ਫਸਣ ਵਾਲੇ ਬੱਚਿਆਂ ਨੂੰ ਬਾਲ ਨਿਆਂ ਬੋਰਡਾਂ ਅਤੇ ਬਾਲ ਸੁਧਾਰ ਘਰਾਂ ਵਿੱਚ, ਲੋੜੀਂਦੀਆਂ ਸਹੂਲਤਾਂ, ਪੂਰੀ ਕੌਸਲਿੰਗ ਦੇਣ ਅਤੇ ਉਨਾਂ ਦੇ ਮੁਕੰਮਲ ਸੁਧਾਰਾਂ ਉਪਰੰਤ ਹੀ ਸਧਾਰ ਘਰਾਂ ਵਿੱਚੋਂ ਬੱਚਿਆਂ ਨੂੰ ਬਾਹਰ ਕੱਢਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸੁਧਰਨ ਉਪਰੰਤ ਜਿਹੜੇ ਬੱਚੇ ਬਾਲ ਘਰਾਂ ਤੋਂ ਅਜ਼ਾਦ ਹੋ ਜਾਣਗੇ, ਉਨਾਂ ਬੱਚਿਆਂ ਦੀ ਪੂਰੀ ਨਿਗਰਾਨੀ ਹੇਠ ਦੇਖ ਭਾਲ ਅਤੇ ਮੁੜ ਵਸੇਬਾ ਚੰਗੇ ਹਾਲਾਤਾਂ ਵਿੱਚ ਜਾਰੀ ਰੱਖਿਆ ਜਾਵੇਗਾ ਤਾਂ ਕਿ ਬੱਚੇ ਦੁਬਾਰਾ ਇੰਨਾਂ ਅਪਰਾਧਾਂ ਵਿਚ ਪੈਰ ਨਾ ਰੱਖਣ। ਪੰਜਾਬ ਪ੍ਰਧਾਨ ਨੇ ਕਿਹਾ ਕਿ ਮਾਡਰਨ ਤਕਨਾਲੋਜੀ ਅਤੇ ਸੋਸ਼ਲ ਮੀਡੀਆ ਵੀ ਛੋਟੀ ਉਮਰ ਦੇ ਬੱਚਿਆਂ ਨੂੰ ਇੰਨਾਂ ਅਪਰਾਧਾਂ ਵੱਲ ਧੱਕਣ ਵਿਚ ਕੋਈ ਕਸਰ ਵੀ ਬਾਕੀ ਨਹੀਂ ਛੱਡ ਰਿਹਾ, ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਇਸ ਆਧੁਨਿਕ ਤਕਨਾਲੋਜੀ ਤੇ ਸੋਸ਼ਲ ਮੀਡੀਆ ਤੇ ਕਾਬੂ ਪਾਉਣ ਲਈ ਵਿਸ਼ੇਸ਼ ਯਤਨ ਕਰੇਗੀ।

ਜਹਾਂਗੀਰਪੁਰੀ 'ਚ ਅਕਾਲੀ ਦਲ ਦਾ ਸ਼ਕਤੀ ਪ੍ਰਦਰਸ਼ਨ

# ਦਿੱਲੀ 'ਚ ਗਰਮਾਇਆ ਚੋਣ ਮੈਦਾਨ, ਭਰਵੇਂ ਇਕੱਠ ਨੇ ਵਿਰੋਧੀਆਂ ਦੀ ਉਡਾਈ ਨੀਂਦ



**ਨਵੀਂ ਦਿੱਲੀ, 6 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):-** ਜਹਾਂਗੀਰਪੁਰੀ ਦੇ ਲਾ ਮੋਰੇਆ ਬੈਂਕੁਏਟ ਹਾਲ ਵਿਚ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਸਰੂਪ ਨਗਰ ਵਾਰਡ ਨੰਬਰ 2 ਤੋਂ ਸਰਗਰਮ ਮੈਂਬਰ ਭਾਈ ਰਵਿੰਦਰ ਸਿੰਘ ਸਭਰਵਾਲ ਵੱਲੋਂ ਕਰਵਾਇਆ ਗਿਆ ਵੱਡਾ ਸ਼ਕਤੀ ਪ੍ਰਦਰਸ਼ਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਹੁਕਮਰਾਨਾਂ ਲਈ ਵੱਡੀ ਸਿਆਸੀ ਬੁਝਾਰਤ ਬਣ ਗਿਆ ਹੈ। ਬਾਹਰੀ ਦਿੱਲੀ ਦੇ ਵੱਖ ਵੱਖ ਇਲਾਕਿਆਂ ਅਤੇ ਪਿੰਡਾਂ ਤੋਂ ਬੱਸਾਂ ਭਰ ਭਰ ਕੇ ਪੁੱਜੇ ਆਪ ਮੁਹਾਰੀ ਸੰਗਤੀ ਹੜ੍ਹ ਨੇ ਦਿੱਲੀ ਕਮੇਟੀ ਦੇ ਮੌਜੂਦਾ ਚੌਧਰੀਆਂ ਦੇ ਹੋਸ਼ ਉਡਾ ਦਿੱਤੇ ਹਨ। ਭਾਈ ਰਵਿੰਦਰ ਸਿੰਘ ਸਭਰਵਾਲ ਦੀ ਅਗਵਾਈ ਹੇਠ ਹੋਏ ਇਸ ਵਿਸ਼ਾਲ ਇਕੱਠ ਨੇ ਤਾਲਕਟੋਰਾ ਹਾਲ ਦੇ ਪ੍ਰੋਗਰਾਮ ਨੂੰ ਵੀ ਵੱਡੀ ਮਾਤ ਦੇ ਕੇ ਪੰਥਕ ਤਾਕਤ ਦਾ ਲੋਹਾ ਮਨਵਾਇਆ ਹੈ। ਸਮਾਗਮ ਦੌਰਾਨ ਪੰਥਕ ਦਰਦ ਨਾਲ ਲਬਰੇਜ਼ ਲੀਡਰਸ਼ਿਪ ਨੇ ਮੌਜੂਦਾ ਦਿੱਲੀ ਕਮੇਟੀ ਪ੍ਰਬੰਧਕਾਂ ਦੀਆਂ ਕਾਰਗੁਜ਼ਾਰੀਆਂ ਦੀਆਂ ਧੱਜੀਆਂ ਉਡਾਉਂਦਿਆਂ ਤਿੱਖੇ ਸਵਾਲ ਦਾਗੇ। ਬੁਲਾਰਿਆਂ ਨੇ ਕਿਹਾ ਕਿ ਗੁਰੂ ਘਰਾਂ ਦੀ ਸੇਵਾ ਸੰਭਾਲ ਦਾ ਦਾਅਵਾ ਕਰਨ ਵਾਲੇ ਅੱਜ ਸਰਕਾਰੀ ਮੰਤਰੀਆਂ ਦੀ ਖੁਸ਼ਾਮਦ ਵਿਚ ਲੀਨ ਹਨ। ਕਮੇਟੀ ਮੈਂਬਰਾਂ ਦੀ ਯੋਗਤਾ ਪਰਖਦਿਆਂ ਸਰਦਾਰ ਪਰਮਜੀਤ ਸਿੰਘ ਸਰਨਾ ਅਤੇ ਸਰਦਾਰ ਹਰਵਿੰਦਰ ਸਿੰਘ ਸਰਨਾ ਵਰਗੇ ਸੂਝਵਾਨ ਪੰਥਕ ਜਰਨੈਲਾਂ ਦੀ ਅਗਵਾਈ ਵਿਚ ਲੀਡਰਾਂ ਨੇ ਸਿੱਧਾ ਹਮਲਾ ਬੋਲਿਆ ਕਿ ਮੌਜੂਦਾ ਕਮੇਟੀ ਦੇ ਕਈ ਮੈਂਬਰਾਂ ਨੂੰ ਗੁਰਮੁਖੀ ਤੱਕ ਪੜ੍ਹਨੀ ਨਹੀਂ ਆਉਂਦੀ। ਜਿਹੜੇ ਲੋਕ ਗੁਰਬਾਣੀ ਅਤੇ ਗੁਰਮੁਖੀ ਤੋਂ ਅਣਜਾਣ ਹਨ ਉਹ ਪੰਥਕ ਸੰਸਥਾਵਾਂ ਦੀ ਰਾਖੀ ਕਰਨ ਵਿਚ ਪੂਰੀ ਤਰ੍ਹਾਂ ਨਾਕਾਮ ਸਾਬਤ ਹੋਏ ਹਨ। ਅਮਿਤ ਸ਼ਾਹ ਨਾਲ ਕੀਤੀਆਂ ਨਿੱਜੀ ਮੁਲਾਕਾਤਾਂ ਵਿੱਚ ਪੰਥਕ ਹਿੱਤਾਂ ਦੀ ਬਲੀ ਚਾੜ੍ਹ ਦਿੱਤੀ ਗਈ—ਸਰਕਾਰਾਂ ਦੀਆਂ ਦੇਹਲੀਆਂ 'ਚ ਨੱਕ ਰਗੜਨ ਵਾਲਿਆਂ ਨੇ ਨਾ ਤਾਂ ਕੋਈ ਪੰਥਕ ਮਸਲਾ ਚੁੱਕਣ ਦੀ ਜੁਰਅੱਤ ਕੀਤੀ ਅਤੇ ਨਾ ਹੀ ਕੌਮ ਦਾ ਕੋਈ ਮਸਲਾ ਹੱਲ ਕਰਵਾਇਆ। ਬੰਦੀ ਸਿੰਘਾਂ ਦੀ ਰੁਕੀ ਰਿਹਾਈ, ਕਮੇਟੀ ਸਿਰ ਚੜ੍ਹਿਆ ਕਰੋੜਾਂ ਦਾ ਕਰਜਾ, ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੀ ਮਾੜੀ ਦਸ਼ਾ, ਦਾਖਲਿਆਂ ਵਿਚ ਗਿਰਾਵਟ ਅਤੇ ਆਮਦਨ ਦੇ ਖੋਰੇ ਦੇ ਨਾਲ ਵੱਡੇ ਪੱਧਰ ਤੇ ਆਈ ਗਿਰਾਵਟ ਉੱਤੇ ਪ੍ਰਬੰਧਕਾਂ ਨੂੰ ਨੰਗਾ ਕੀਤਾ ਗਿਆ। ਬਾਲਾ ਸਾਹਿਬ ਹਸਪਤਾਲ ਦੇ ਮੁੱਦੇ ਉੱਤੇ ਬੋਲਦਿਆਂ ਆਗੂਆਂ ਨੇ ਦੋਸ਼ ਲਾਇਆ ਕਿ ਮੌਜੂਦਾ ਪ੍ਰਬੰਧਕ ਇਕ ਮਾਮੂਲੀ ਡਿਸਪੈਂਸਰੀ ਨੂੰ ਵੱਡਾ ਹਸਪਤਾਲ ਦੱਸ ਕੇ ਸੰਗਤ ਅੱਖੀਂ ਘੱਟਾ ਪਾ ਰਹੇ ਹਨ। ਇਸ ਦੇ ਨਾਲ ਹੀ ਆਪਣੇ ਪਰਿਵਾਰਕ ਮੈਂਬਰਾਂ ਨੂੰ ਗੈਰ ਕਾਨੂੰਨੀ ਤਰੀਕੇ ਨਾਲ ਨੌਕਰੀਆਂ ਦੇਣ ਅਤੇ ਜਮਨਾਪਾਰ ਦੀਆਂ ਪੰਥਕ ਜ਼ਮੀਨਾਂ ਉੱਤੇ ਮੰਡਰਾ ਰਹੇ ਖਤਰੇ ਬਾਰੇ ਸੰਗਤ ਨੂੰ ਹੋਕਾ ਦਿੱਤਾ ਗਿਆ। ਇਸ ਵਿਸ਼ਾਲ ਇਕੱਠ ਵਿਚ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਅਤੇ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਸਰਦਾਰ ਹਰਵਿੰਦਰ ਸਿੰਘ ਸਰਨਾ ਨੇ ਆਪਣੀ ਤਜਰਬੇਕਾਰ ਅਤੇ ਦੂਰਅੰਦੇਸ਼ ਸੋਚ ਨਾਲ ਸਮੁੱਚੀ ਸੰਗਤ ਵਿਚ ਨਵਾਂ ਰੂਹਾਨੀ ਅਤੇ ਸਿਆਸੀ ਜੋਸ਼ ਭਰ ਦਿੱਤਾ। ਸਰਨਾ ਭਰਾਵਾਂ ਨੇ ਪੰਥਕ ਸੰਪਤੀਆਂ ਦੀ ਸੰਭਾਲ ਅਤੇ ਗੁਰਮਤਿ ਮਰਿਆਦਾ ਦੀ ਬਹਾਲੀ ਲਈ ਸੰਗਤ ਨੂੰ ਇਕਜੁੱਟ ਹੋਣ ਦਾ ਸੱਦਾ ਦਿੱਤਾ। ਸਰਨਾ ਭਰਾਵਾਂ ਦੀ ਮਜ਼ਬੂਤ ਪੰਥਕ ਪਹੁੰਚ ਅਤੇ ਬੇਬਾਕ ਲੀਡਰਸ਼ਿਪ ਨੇ ਇਹ ਸਾਫ ਕਰ ਦਿੱਤਾ ਕਿ ਦਿੱਲੀ ਦੀ ਪੰਥਕ ਸਿਆਸਤ ਨੂੰ ਮੁੜ ਸਹੀ ਦਿਸ਼ਾ ਵੱਲ ਮੋੜਨ ਲਈ ਅਕਾਲੀ ਦਲ ਪੂਰੀ ਤਾਕਤ ਨਾਲ ਮੈਦਾਨ ਵਿਚ ਨਿੱਤਰ ਚੁੱਕਾ ਹੈ। ਸਮਾਗਮ ਦੌਰਾਨ ਸਰਦਾਰ ਕਰਤਾਰ ਸਿੰਘ ਵਿਕੀ ਚਾਵਲਾ ਦੇ ਨਾਲ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਭਾਈ ਪਰਮਜੀਤ ਸਿੰਘ ਵੀਰਜੀ, ਬੀਬੀ ਮਨਦੀਪ ਕੌਰ ਬਖਸ਼ੀ, ਸਰਦਾਰ ਸੰਤ ਮੀਤ ਸਿੰਘ, ਸਰਦਾਰ ਸਤਨਾਮ ਸਿੰਘ ਖੀਵਾ ਅਤੇ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਸਰਦਾਰ ਮੰਜੀਤ ਸਿੰਘ ਜੀਕੇ ਨੇ ਵੀ ਆਪਣੇ ਵਿਚਾਰ ਰੱਖ ਕੇ ਮੌਜੂਦਾ ਹੁਕਮਰਾਨਾਂ ਖਿਲਾਫ ਮੋਰਚਾ ਖੋਲ੍ਹਿਆ। ਆਗੂਆਂ ਨੇ ਜ਼ੋਰ ਦੇ ਕੇ ਕਿਹਾ ਕਿ ਆਉਣ ਵਾਲੀਆਂ ਦਿੱਲੀ ਕਮੇਟੀ ਚੋਣਾਂ ਸਿਰਫ ਕੁਰਸੀ ਦੀ ਲੜਾਈ ਨਹੀਂ ਸਗੋਂ ਪੰਥਕ ਸਰਮਾਏ ਅਤੇ ਗੁਰੂ ਘਰਾਂ ਦੀ ਪਵਿੱਤਰਤਾ ਬਚਾਉਣ ਦਾ ਫੈਸਲਾਕੁੰਨ ਇਮਤਿਹਾਨ ਹਨ। ਜਹਾਂਗੀਰਪੁਰੀ ਦੇ ਇਸ ਵੱਡੇ ਸ਼ਕਤੀ ਪ੍ਰਦਰਸ਼ਨ ਨੇ ਦਿੱਲੀ ਕਮੇਟੀ ਦੀ ਮੌਜੂਦਾ ਲੀਡਰਸ਼ਿਪ ਨੂੰ ਸਪੱਸ਼ਟ ਚੇਤਾਵਨੀ ਦੇ ਦਿੱਤੀ ਹੈ ਕਿ ਹੁਣ ਸੰਗਤ ਪੰਥਕ ਸਰਮਾਇਆ ਖੇਰੂੰ-ਖੇਰੂੰ ਅਤੇ ਗਿਰਵੀ ਰੱਖਣ ਵਾਲੇ, ਨਿੱਜ ਖਾਤਿਰ ਸਰਕਾਰਾਂ ਅੱਗੇ ਡਿਗਣ ਵਾਲਿਆਂ ਦੇ ਫੈਸਲਿਆਂ ਨੂੰ ਰੱਦ ਕਰਕੇ ਚੋਣਾਂ ਵਿਚ ਪੂਰਾ ਹਿਸਾਬ ਕਿਤਾਬ ਲਵੇਗੀ। ਅੰਤ ਵਿਚ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਮੈਂਬਰ ਅਤੇ ਪ੍ਰੋਗਰਾਮ ਦੇ ਆਯੋਜਕ ਭਾਈ ਰਵਿੰਦਰ ਸਿੰਘ ਸਭਰਵਾਲ ਨੇ ਹਾਜ਼ਰੀਨ ਸੰਗਤਾਂ ਦਾ ਸਹਿਯੋਗ ਦੇਣ ਲਈ ਤਹਿ ਦਿਲੋਂ ਧੰਨਵਾਦ ਕਰਨ ਦੇ ਨਾਲ ਸਭ ਨੂੰ ਸਿਰੋਪਾਓ ਨਾਲ ਸਨਮਾਨਿਤ ਕੀਤਾ।

**ਬੰਦੀ ਸਿੰਘਾਂ ਦੀ ਰਿਹਾਈ, ਕਰੋੜਾਂ ਦਾ ਕਰਜਾ, ਕਮੇਟੀ ਦੇ ਸਕੂਲਾਂ, ਬਾਲਾ ਸਾਹਿਬ ਹਸਪਤਾਲ, ਪੰਥਕ ਸੰਪਤੀਆਂ ਅਤੇ ਕਥਿਤ ਪਰਿਵਾਰਵਾਦ 'ਤੇ ਪ੍ਰਬੰਧਕਾਂ ਉਪਰ ਉਠੇ ਤਿੱਖੇ ਸਵਾਲ**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
AWAZE QAUM International Newspaper & WEB TV
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਵਿਖੇ ਉਤਸ਼ਾਹ ਨਾਲ ਮਨਾਇਆ ਗਿਆ ਅਧਿਆਪਕ ਦਿਵਸ



**ਤਲਵੰਡੀ ਸਾਬੋ, 06 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਵਿਖੇ ਅਧਿਆਪਕ ਦਿਵਸ ਬੜੇ ਉਤਸ਼ਾਹ, ਸਤਿਕਾਰ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਸਮੂਹ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਪ੍ਰੋਗਰਾਮ ਦੀ ਸ਼ੁਰੂਆਤ ਸਵੇਰ ਦੀ ਪ੍ਰਾਰਥਨਾ ਨਾਲ ਹੋਈ। ਇਸ ਦੌਰਾਨ ਰਾਸ਼ਟਰੀ ਗਾਣ ਪੇਸ਼ ਕੀਤਾ ਗਿਆ ਅਤੇ ਪਰਮਾਤਮਾ ਦੀ ਮਹਿਮਾ ਨਾਲ ਸੰਬੰਧਿਤ ਸ਼ਬਦ ਅਧਿਆਪਕਾਂ ਵੱਲੋਂ ਗਾਇਨ ਕੀਤੇ ਗਏ। ਇਸ ਉਪਰੰਤ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਮਧੂ ਬਾਂਸਲ ਨੇ ਵਿਦਿਆਰਥੀਆਂ ਨੂੰ ਅਧਿਆਪਕ ਦਿਵਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਹਾ ਕਿ ਅਧਿਆਪਕ ਵਿਦਿਆਰਥੀਆਂ ਦੇ ਜੀਵਨ ਨੂੰ ਸਹੀ ਦਿਸ਼ਾ ਦੇਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ ਅਤੇ ਇੱਕ ਚੰਗਾ ਅਧਿਆਪਕ ਵਿਦਿਆਰਥੀ ਦੇ ਭਵਿੱਖ ਨੂੰ ਸੰਵਾਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦਾ ਹੈ। ਇਸ ਮੌਕੇ ਸਕੂਲ ਦੇ ਵੱਖ-ਵੱਖ ਅਧਿਆਪਕਾਂ ਨੇ ਵੀ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਉਨ੍ਹਾਂ ਨੂੰ ਜੀਵਨ ਵਿੱਚ ਮਿਹਨਤ, ਅਨੁਸ਼ਾਸਨ, ਇਮਾਨਦਾਰੀ ਅਤੇ ਚੰਗੇ ਗੁਣਾਂ ਨੂੰ ਅਪਣਾਉਂਦੇ ਹੋਏ ਇੱਕ ਚੰਗਾ ਇਨਸਾਨ ਅਤੇ ਭਵਿੱਖ ਵਿੱਚ ਇੱਕ ਚੰਗਾ ਅਧਿਆਪਕ ਬਣਨ ਲਈ ਪ੍ਰੇਰਿਤ ਕੀਤਾ।ਅਧਿਆਪਕ ਦਿਵਸ ਨੂੰ ਹੋਰ ਵਿਸ਼ੇਸ਼ ਬਣਾਉਣ ਲਈ ਵਿਦਿਆਰਥੀਆਂ ਵੱਲੋਂ ਵੱਖ-ਵੱਖ ਵਿਸ਼ਿਆਂ ਦੇ ਅਧਿਆਪਕ ਬਣ ਕੇ ਕਲਾਸਾਂ ਵੀ ਲਗਾਈਆਂ ਗਈਆਂ। ਪੰਜਾਬੀ ਵਿਸ਼ੇ ਦੇ ਅਧਿਆਪਕ ਵਜੋਂ ਸਿਮਰਜੀਤ ਕੌਰ, ਅਰਸ਼ਦੀਪ ਕੌਰ, ਤਰਨਵੀਰ ਕੌਰ, ਜੋਤਵੀਰ ਕੌਰ, ਅਵਨੂਰ ਕੌਰ ਅਤੇ ਜੈਸਮੀਨ ਕੌਰ ਨੇ ਆਪਣੀ ਭੂਮਿਕਾ ਬਾਖੂਬੀ ਨਿਭਾਈ। ਇਨ੍ਹਾਂ ਵਿਦਿਆਰਥੀਆਂ ਵੱਲੋਂ ਅਧਿਆਪਕ ਬਣ ਕੇ ਹੋਰ ਵਿਦਿਆਰਥੀਆਂ ਨੂੰ ਪੜ੍ਹਾਇਆ ਗਿਆ। ਇਸ ਗਤੀਵਿਧੀ ਰਾਹੀਂ ਵਿਦਿਆਰਥੀਆਂ ਨੂੰ ਅਧਿਆਪਕ ਦੇ ਫ਼ਰਜ਼ਾਂ ਅਤੇ ਜ਼ਿੰਮੇਵਾਰੀਆਂ ਨੂੰ ਸਮਝਣ ਦਾ ਵਿਲੱਖਣ ਮੌਕਾ ਮਿਲਿਆ। ਇਸ ਗਤੀਵਿਧੀ ਵਿੱਚ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਨੂੰ ਧਿਆਨ ਵਿੱਚ ਰੱਖਦਿਆਂ ਤਰਨਵੀਰ ਕੌਰ ਸਪੁੱਤਰੀ ਸ. ਜਗਤਾਰ ਸਿੰਘ ਪਿੰਡ ਕਲਾਲਵਾਲਾ ਨੂੰ ਬੈਸਟ ਸਟੂਡੈਂਟ ਟੀਚਰ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਉਪਰੰਤ ਸਕੂਲ ਵੱਲੋਂ ਅਧਿਆਪਕਾਂ ਲਈ ਵੱਖ-ਵੱਖ ਮਨੋਰੰਜਕ ਖੇਡਾਂ ਅਤੇ ਗਤੀਵਿਧੀਆਂ ਕਰਵਾਈਆਂ ਗਈਆਂ। ਲੈਮਨ ਰੇਸ ਵਿੱਚ ਸਕੂਲ ਦੇ ਸਮੂਹ ਅਧਿਆਪਕਾਂ ਨੇ ਭਾਗ ਲਿਆ, ਜਿਸ ਵਿੱਚ ਮੰਗਲ ਯਾਦਵ ਨੇ ਪਹਿਲਾ ਸਥਾਨ ਹਾਸਲ ਕੀਤਾ। ਇਸ ਤੋਂ ਬਾਅਦ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਮਧੂ ਬਾਂਸਲ ਅਤੇ ਸਮੂਹ ਸਟਾਫ਼ ਵੱਲੋਂ ਕੇਕ ਕੱਟ ਕੇ ਅਧਿਆਪਕ ਦਿਵਸ ਦੀ ਖੁਸ਼ੀ ਸਾਂਝੀ ਕੀਤੀ ਗਈ। ਇਸ ਮੌਕੇ ਅਧਿਆਪਕਾਂ ਵੱਲੋਂ ਵੱਖ-ਵੱਖ ਕਲਾਤਮਕ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਦਿੱਤੀਆਂ ਗਈਆਂ। ਅਧਿਆਪਕਾਂ ਵੱਲੋਂ ਗਾਏ ਗਏ ਗੀਤਾਂ ਨੇ ਅਜੋਕੇ ਸਮੇਂ ਦੇ ਨਾਲ-ਨਾਲ ਪੁਰਾਣੇ ਸੱਭਿਆਚਾਰ ਦੀ ਵੀ ਸੁੰਦਰ ਝਲਕ ਪੇਸ਼ ਕੀਤੀ। ਇਸ ਮੌਕੇ ਅਧਿਆਪਕਾਂ ਨੇ ਆਪਣੀ ਜ਼ਿੰਦਗੀ ਨਾਲ ਜੁੜੇ ਤਜਰਬੇ ਵੀ ਸਾਂਝੇ ਕੀਤੇ। ਉਨ੍ਹਾਂ ਨੇ ਅਧਿਆਪਕ ਬਣਨ ਤੱਕ ਦੇ ਆਪਣੇ ਸਫ਼ਰ, ਸੰਘਰਸ਼ਾਂ ਅਤੇ ਜੀਵਨ ਵਿੱਚ ਆਈਆਂ ਵੱਖ-ਵੱਖ ਚੁਣੌਤੀਆਂ ਬਾਰੇ ਵਿਦਿਆਰਥੀਆਂ ਅਤੇ ਸਟਾਫ਼ ਨਾਲ ਵਿਚਾਰ ਸਾਂਝੇ ਕੀਤੇ। ਪ੍ਰੋਗਰਾਮ ਦੇ ਅੰਤ ਵਿੱਚ ਅਧਿਆਪਕਾਂ ਲਈ ਇੱਕ ਫਨ ਗੇਮ ਕਰਵਾਈ ਗਈ, ਜਿਸ ਵਿੱਚ ਰਣਜੋਤ ਕੌਰ, ਪੰਜਾਬੀ ਅਧਿਆਪਕਾ ਨੇ ਪਹਿਲਾ ਸਥਾਨ ਹਾਸਲ ਕੀਤਾ। ਇਸ ਮੌਕੇ ਸਕੂਲ ਵੱਲੋਂ ਬੈਸਟ ਟੀਚਰ ਅਵਾਰਡ ਮਨਪ੍ਰੀਤ ਸਿੰਘ ਦਾਦੂ ਨੂੰ ਪ੍ਰਦਾਨ ਕੀਤਾ ਗਿਆ। ਸਕੂਲ ਦੀ ਤਰੱਕੀ ਅਤੇ ਸੁਚੱਜੇ ਸੰਚਾਲਨ ਲਈ ਉਨ੍ਹਾਂ ਵੱਲੋਂ ਪਾਏ ਜਾ ਰਹੇ ਮਹੱਤਵਪੂਰਨ ਯੋਗਦਾਨ ਦੀ ਸ਼ਲਾਘਾ ਕੀਤੀ ਗਈ। ਉਹ ਸਕੂਲ ਦੀ ਬਿਹਤਰੀ ਲਈ ਹਮੇਸ਼ਾ ਆਪਣਾ ਯੋਗਦਾਨ ਪਾਉਣ ਲਈ ਤਿਆਰ ਰਹਿੰਦੇ ਹਨ। ਸਮੁੱਚੇ ਤੌਰ 'ਤੇ ਅਧਿਆਪਕ ਦਿਵਸ ਦਾ ਇਹ ਸਮਾਗਮ ਅਧਿਆਪਕਾਂ ਅਤੇ ਵਿਦਿਆਰਥੀਆਂ ਲਈ ਯਾਦਗਾਰ ਬਣ ਗਿਆ। ਵਿਦਿਆਰਥੀਆਂ ਨੇ ਜਿੱਥੇ ਅਧਿਆਪਕਾਂ ਦੀ ਭੂਮਿਕਾ ਨਿਭਾ ਕੇ ਇੱਕ ਨਵਾਂ ਅਨੁਭਵ ਪ੍ਰਾਪਤ ਕੀਤਾ, ਉੱਥੇ ਹੀ ਅਧਿਆਪਕਾਂ ਨੇ ਵੀ ਖੇਡਾਂ, ਸੱਭਿਆਚਾਰਕ ਪੇਸ਼ਕਾਰੀਆਂ ਅਤੇ ਮਨੋਰੰਜਕ ਗਤੀਵਿਧੀਆਂ ਰਾਹੀਂ ਇਸ ਦਿਨ ਨੂੰ ਖੁਸ਼ੀ ਅਤੇ ਉਤਸ਼ਾਹ ਨਾਲ ਮਨਾਇਆ।ਪ੍ਰੋਗਰਾਮ ਦੇ ਸੁਚੱਜੇ ਸੰਚਾਲਨ ਵਿੱਚ ਵੀਰਪਾਲ ਕੌਰ, ਹਿੰਦੀ ਅਧਿਆਪਕਾ ਨੇ ਸਟੇਜ ਸਕੱਤਰ ਦੀ ਭੂਮਿਕਾ ਬਾਖੂਬੀ ਨਿਭਾਈ। ਇਹ ਸਮਾਗਮ ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਮਨਾਂ ਵਿੱਚ ਅਮਿੱਟ ਯਾਦਾਂ ਛੱਡਦਾ ਹੋਇਆ ਸਫ਼ਲਤਾਪੂਰਵਕ ਸੰਪੰਨ ਹੋਇਆ।

ਆਵਾਜ਼ਿ ਕੌਮ AWAZE QAUM International Newspaper & WEB TV

## ਸਤਲੁਜ ਪ੍ਰੈਸ ਕਲੱਬ ਫਿਰੋਜ਼ਪੁਰ ਦੀ ਚੋਣ: ਗੁਰਨਾਮ ਸਿੰਘ ਗਾਮਾ ਸਿੱਧੂ ਲਗਾਤਾਰ 6ਵੀਂ ਵਾਰ ਬਣੇ ਪ੍ਰਧਾਨ, ਵਿਜੇ ਸ਼ਰਮਾ ਚੁਣੇ ਗਏ ਚੇਅਰਮੈਨ




ਫਿਰੋਜ਼ਪੁਰ 6 ਸਤੰਬਰ (ਮਨੋਹਰ ਲਾਲ): ਸਤਲੁਜ ਪ੍ਰੈਸ ਕਲੱਬ ਫਿਰੋਜ਼ਪੁਰ ਦੀ ਸਾਲਾਨਾ ਚੋਣ ਸਰਬਸੰਮਤੀ ਨਾਲ ਅਮਲ ਵਿਚ ਆਈ, ਜਿਸ ਵਿੱਚ ਸੀਨੀਅਰ ਪੱਤਰਕਾਰ ਗੁਰਨਾਮ ਸਿੰਘ ਗਾਮਾ ਸਿੱਧੂ ਨੂੰ ਲਗਾਤਾਰ 6ਵੀਂ ਵਾਰ ਕਲੱਬ ਦਾ ਪ੍ਰਧਾਨ ਚੁਣਿਆ ਗਿਆ। ਇਸ ਦੇ ਨਾਲ ਹੀ ਪੱਤਰਕਾਰਤਾ ਖੇਤਰ ਵਿੱਚ ਲੰਮੇ ਸਮੇਂ ਤੋਂ ਸਰਗਰਮ ਵਿਜੇ ਸ਼ਰਮਾ ਨੂੰ ਚੇਅਰਮੈਨ ਦੀ ਜ਼ਿੰਮੇਵਾਰੀ ਸੌਂਪੀ ਗਈ। ਚੋਣ ਪ੍ਰਕਿਰਿਆ ਦੌਰਾਨ ਸਮੂਹ ਮੈਂਬਰਾਂ ਨੇ ਗੁਰਨਾਮ ਸਿੰਘ ਗਾਮਾ ਸਿੱਧੂ ਦੀਆਂ ਪਿਛਲੀਆਂ ਸ਼ਾਨਦਾਰ ਸੇਵਾਵਾਂ ਅਤੇ ਪੱਤਰਕਾਰ ਭਾਈਚਾਰੇ ਦੀ ਭਲਾਈ ਲਈ ਕੀਤੇ ਯਤਨਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ 'ਤੇ ਮੁੜ ਵਿਸ਼ਵਾਸ ਪ੍ਰਗਟਾਇਆ। ਨਵੇਂ ਚੁਣੇ ਗਏ ਪ੍ਰਧਾਨ ਗੁਰਨਾਮ ਸਿੰਘ ਗਾਮਾ ਸਿੱਧੂ ਅਤੇ ਚੇਅਰਮੈਨ ਵਿਜੇ ਸ਼ਰਮਾ ਨੇ ਸਮੂਹ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪੱਤਰਕਾਰਾਂ ਦੇ ਹੱਕਾਂ ਦੀ ਰਾਖੀ, ਨਿਸ਼ਪੱਖ ਪੱਤਰਕਾਰਤਾ ਨੂੰ ਉਤਸ਼ਾਹਿਤ ਕਰਨ ਅਤੇ ਸਮਾਜਿਕ ਮੁੱਦਿਆਂ ਨੂੰ ਪ੍ਰਮੁੱਖਤਾ ਨਾਲ ਚੁੱਕਣ ਲਈ ਵਚਨਬੱਧ ਰਹਿਣਗੇ। ਇਸ ਮੌਕੇ ਕਲੱਬ ਦੇ ਹੋਰ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਨਵੀਂ ਲੀਡਰਸ਼ਿਪ ਨੂੰ ਮੁਬਾਰਕਬਾਦ ਦਿੱਤੀ ਅਤੇ ਫੁੱਲਾਂ ਦੇ ਹਾਰ ਪਾ ਕੇ ਉਨ੍ਹਾਂ ਦਾ ਸਨਮਾਨ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਧੰਨ ਧੰਨ ਸ਼੍ਰੀ ਹਰਗੋਬਿੰਦ ਸਾਹਿਬ ਜੀ ਗੁਰਮਤਿ ਵਿਦਿਆਲਾ ਦਾ ਉਦਘਾਟਨ

# ਛਾਉਣੀ ਦਲ ਪੰਥ ਬਾਬਾ ਬਿਧੀ ਚੰਦ ਜੀ ਦੇ ਮੁਖੀ ਸੰਤ ਬਾਬਾ ਅਵਤਾਰ ਸਿੰਘ ਜੀ ਦੀ ਅਗਵਾਈ ਹੇਠ ਬ੍ਰਿਸਟਲ ਦੀਆਂ ਸਿੱਖ ਸੰਗਤਾਂ ਵੱਲੋਂ ਕੀਤਾ ਗਿਆ ਵਿਸ਼ੇਸ਼ ਉਪਰਾਲਾ

















ਬ੍ਰਿਸਟਲ, ਇੰਗਲੈਂਡ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)–ਧੰਨ ਧੰਨ ਸ਼੍ਰੀ ਹਰਗੋਬਿੰਦ ਸਾਹਿਬ ਜੀ ਗੁਰਮਤਿ ਵਿਦਿਆਲਾ ਦਾ ਉਦਘਾਟਨ ਛਾਉਣੀ ਦਲ ਪੰਥ ਬਾਬਾ ਬਿਧੀ ਚੰਦ ਜੀ ਦੇ ਮੁਖੀ ਸੰਤ ਬਾਬਾ ਅਵਤਾਰ ਸਿੰਘ ਜੀ ਦੀ ਅਗਵਾਈ ਵਿੱਚ ਭਾਈ ਸੁਖਜੀਵਨ ਸਿੰਘ ਅਤੇ ਬ੍ਰਿਸਟਲ ਦੀਆਂ ਸਿੱਖ ਸੰਗਤਾਂ ਵੱਲੋਂ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਸੰਤ ਬਾਬਾ ਅਵਤਾਰ ਸਿੰਘ ਜੀ ਮੁਖੀ ਸੰਪ੍ਰਦਾਇ ਦਲ ਬਾਬਾ ਬਿਧੀ ਚੰਦ ਜੀ ਇੰਗਲੈਂਡ ਪਹੁੰਚੇ। ਗੁਰਮਤਿ ਵਿਦਿਆਲਾ ਦੇ ਉਦਘਾਟਨ ਸਮਾਗਮ ਵਿੱਚ ਇੰਗਲੈਂਡ ਭਰ ਤੋਂ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਨੇ ਪਹੁੰਚ ਕੇ ਆਪਣੀ ਹਾਜ਼ਰੀ ਭਰੀ। ਸੰਗਤਾਂ ਵਿੱਚ ਭਾਈ ਸਾਹਿਬ ਭਾਈ ਮਹਿੰਦਰ ਸਿੰਘ ਨਿਸ਼ਕਾਮ ਸੇਵਾ ਜੱਥਾ, ਇੰਟਰਨੈਸ਼ਨਲ ਪੰਥਕ ਦਲ ਵੱਲੋਂ ਭਾਈ ਪਰਮਜੀਤ ਸਿੰਘ ਢਾਡੀ, ਭਾਈ ਕਪਤਾਨ ਸਿੰਘ, ਭਾਈ ਮੱਖਣ ਸਿੰਘ, ਬਾਬਾ ਬਘੇਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਵੱਖ-ਵੱਖ ਦਲਾਂ-ਪੰਥਾਂ ਅਤੇ ਸੰਪਰਦਾਵਾਂ ਦੇ ਸੇਵਾਦਾਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸੰਗਤਾਂ ਵੱਲੋਂ ਗੁਰਮਤਿ ਵਿਦਿਆਲਾ ਦੀ ਸ਼ੁਰੂਆਤ ਨੂੰ ਇੱਕ ਮਹੱਤਵਪੂਰਨ ਅਤੇ ਸ਼ਲਾਘਾਯੋਗ ਉਪਰਾਲਾ ਦੱਸਿਆ ਗਿਆ। ਗੁਰਮਤਿ ਦੀ ਸਿੱਖਿਆ ਅਤੇ ਸਿੱਖੀ ਨਾਲ ਜੋੜਨ ਦੇ ਇਸ ਉਪਰਾਲੇ ਨੂੰ ਸੰਗਤਾਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਗਿਆ। ਸਮਾਗਮ ਦੌਰਾਨ ਭਾਈ ਸੁਖਜੀਵਨ ਸਿੰਘ ਅਤੇ ਸੰਤ ਬਾਬਾ ਅਵਤਾਰ ਸਿੰਘ ਜੀ ਵੱਲੋਂ ਸਮਾਗਮ ਵਿੱਚ ਪਹੁੰਚੀਆਂ ਸਮੂਹ ਸੰਗਤਾਂ, ਦਲਾਂ-ਪੰਥਾਂ, ਸੰਪਰਦਾਵਾਂ ਅਤੇ ਸੇਵਾਦਾਰਾਂ ਦਾ ਧੰਨਵਾਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਗੁਰਮਤਿ ਵਿਦਿਆਲਾ ਨੌਜਵਾਨ ਪੀੜ੍ਹੀ ਅਤੇ ਬੱਚਿਆਂ ਨੂੰ ਗੁਰਬਾਣੀ, ਗੁਰਮਤਿ ਅਤੇ ਸਿੱਖੀ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਏਗਾ। ਇਸ ਮੌਕੇ ਇੰਗਲੈਂਡ ਭਰ ਤੋਂ ਪਹੁੰਚੀਆਂ ਸਿੱਖ ਸੰਗਤਾਂ ਦੀ ਵੱਡੀ ਸ਼ਮੂਲੀਅਤ ਨੇ ਸਮਾਗਮ ਨੂੰ ਯਾਦਗਾਰੀ ਬਣਾ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਵਿਖੇ

# ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਲੜੀਵਾਰ ਗੁਰਬਾਣੀ ਕਥਾ ਵਿਚਾਰ ਦੀ ਹਾਜ਼ਰੀ ਭਰੀ















ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਵਿਖੇ ਅੱਜ 6 ਸਤੰਬਰ 2026 ਨੂੰ ਲੜੀਵਾਰ ਗੁਰਬਾਣੀ ਕਥਾ ਵਿਚਾਰ ਦੀ ਹਾਜ਼ਰੀ ਭਰਦੇ ਹੋਏ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਰਦਾਰ ਗੁਰਪ੍ਰਸਾਦ ਸਿੰਘ ਫ਼ਰੀਦਾਬਾਦ ਸਾਬਕਾ ਅੰਤਰਿੰਗ ਮੈਂਬਰ HSGMC ਸਮੇਤ ਹਾਜ਼ਰ ਸਿੱਖ ਸੰਗਤਾਂ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਖਾਲਸਾ ਅਕੈਡਮੀ ਮਹਿਤਾ ਦੀ ਅੰਡਰ-14 ਲੜਕੀਆਂ ਦੀ

# ਹਾਕੀ ਟੀਮ ਦਾ ਸ਼ਾਨਦਾਰ ਪ੍ਰਦਰਸ਼ਨ



**ਚੌਕ ਮਹਿਤਾ, 6 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਮਹਿਤਾ ਚੌਕ

ਆਵਾਜ਼ਿ ਕੌਮ AWAZE QAUM International Newspaper & WEB TV

**ਲੜਕੀਆਂ ਨੇ ਪਹਿਲਾ ਸਥਾਨ ਹਾਸਲ ਕਰਕੇ ਸਟੇਟ ਪੱਧਰ ਲਈ ਬਣਾਈ ਥਾਂ, ਲੜਕਿਆਂ ਨੇ ਹਾਸਲ ਕੀਤਾ ਦੂਜਾ ਸਥਾਨ**

ਦੀਆਂ ਅੰਡਰ-14 ਲੜਕੀਆਂ ਅਤੇ ਲੜਕਿਆਂ ਦੀਆਂ ਹਾਕੀ ਟੀਮਾਂ ਨੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਅਕੈਡਮੀ ਦਾ ਨਾਮ ਰੌਸ਼ਨ ਕੀਤਾ। ਲੜਕੀਆਂ ਦੀ ਟੀਮ ਨੇ ਜ਼ਿਲ੍ਹੇ ਦੀਆਂ ਵੱਖ-ਵੱਖ ਟੀਮਾਂ ਨੂੰ ਪਛਾੜਦਿਆਂ ਫਾਈਨਲ ਮੁਕਾਬਲੇ ਵਿੱਚ ਪਾਥਸੀਕਰ ਬਿਆਸ ਦੀ ਟੀਮ ਨੂੰ 4-0 ਦੇ ਸ਼ਾਨਦਾਰ ਫਰਕ ਨਾਲ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ।

ਟੀਮ ਦੀ ਇਸ ਸ਼ਾਨਦਾਰ ਜਿੱਤ ਵਿੱਚ ਖਿਡਾਰਨਾਂ ਦੀ ਮਿਹਨਤ, ਲਗਨ, ਟੀਮ ਵਰਕ ਅਤੇ ਖੇਡ ਪ੍ਰਤੀ ਸਮਰਪਣ ਸਾਫ਼ ਨਜ਼ਰ ਆਇਆ। ਇਸ ਉਪਲਬਧੀ ਨਾਲ ਅਕੈਡਮੀ ਦੀਆਂ ਲਗਭਗ 8 ਹੋਣਹਾਰ ਖਿਡਾਰਨਾਂ ਦੀ ਸਟੇਟ ਪੱਧਰੀ ਟੀਮ ਲਈ ਚੋਣ ਵੀ ਹੋਈ ਹੈ, ਜੋ ਸਮੁੱਚੀ ਅਕੈਡਮੀ ਲਈ ਮਾਣ ਵਾਲੀ ਗੱਲ ਹੈ।

ਇਸ ਦੇ ਨਾਲ ਹੀ ਲੜਕਿਆਂ ਦੀ ਅੰਡਰ-14 ਹਾਕੀ ਟੀਮ ਨੇ ਵੀ ਜ਼ਿਲ੍ਹੇ ਵਿੱਚ ਦੂਜਾ ਸਥਾਨ ਪ੍ਰਾਪਤ ਕਰਕੇ ਆਪਣੀ ਖੇਡ ਪ੍ਰਤਿਭਾ ਦਾ ਲੋਹਾ ਮਨਵਾਇਆ।

ਅਕੈਡਮੀ ਦੇ ਪ੍ਰਬੰਧਕਾਂ ਵੱਲੋਂ ਸਾਰੇ ਖਿਡਾਰੀਆਂ ਅਤੇ ਕੋਚਿੰਗ ਸਟਾਫ਼ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਗਈ। ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਕਿਹਾ ਕਿ ਇਹ ਜਿੱਤ ਬੱਚਿਆਂ ਦੀ ਲਗਾਤਾਰ ਮਿਹਨਤ ਅਤੇ ਅਨੁਸ਼ਾਸਨ ਦਾ ਨਤੀਜਾ ਹੈ। ਖਿਡਾਰੀਆਂ ਦੀ ਕਾਮਯਾਬੀ ਨੇ ਸਾਬਤ ਕਰ ਦਿੱਤਾ ਹੈ ਕਿ ਸਹੀ ਮਾਰਗਦਰਸ਼ਨ, ਮਿਹਨਤ ਅਤੇ ਹੌਸਲੇ ਨਾਲ ਮੰਜ਼ਿਲ ਜ਼ਰੂਰ ਹਾਸਲ ਹੁੰਦੀ ਹੈ। ਉਹਨਾਂ ਨੇ ਖਿਡਾਰੀਆਂ ਨੂੰ ਭਵਿੱਖ ਵਿੱਚ ਹੋਰ ਉੱਚੇ ਮੁਕਾਮ ਹਾਸਲ ਕਰਨ ਲਈ ਪ੍ਰੇਰਿਤ ਕਰਦਿਆਂ ਉਨ੍ਹਾਂ ਦੀ ਹੌਸਲਾ-ਅਫਜ਼ਾਈ ਕੀਤੀ । ਇਸ ਸੁਭਾਗੇ ਮੌਕੇ 'ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ,ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਕੋਚ ਮਨਮੀਤ ਸਿੰਘ , ਮੈਡਮ ਕੁਲਦੀਪ ਕੌਰ, ਸਮੂਹ ਅਧਿਆਪਕਾਂ ਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

## ਹਜ਼ਾਰਾਂ ਸ਼ਰਧਾਲੂਆਂ ਨੇ ਕੀਤੇ ਮਨਮੋਹਕ ਝਾਕੀਆਂ ਦੇ ਦਰਸ਼ਨ

# ਐੱਸ.ਡੀ. ਸਭਾ ਬਰਨਾਲਾ ਵੱਲੋਂ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮਹਾਂਉਤਸਵ





**ਬਰਨਾਲਾ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)** -ਐੱਸ.ਡੀ. ਸਭਾ (ਰਜਿ.) ਬਰਨਾਲਾ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪਾਵਨ ਤਿਉਹਾਰ ਪੂਰੀ ਸ਼ਰਧਾ, ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ। ਐੱਸ.ਡੀ. ਸੀਨੀਅਰ ਸੈਕੰਡਰੀ ਸਕੂਲ ਦੇ ਵਿਹੜੇ ਵਿੱਚ ਕਰਵਾਏ ਗਏ ਇਸ ਵਿਸ਼ਾਲ ਧਾਰਮਿਕ ਸਮਾਗਮ ਦੌਰਾਨ ਐੱਸ.ਡੀ. ਸਭਾ ਅਧੀਨ ਵੱਖ-ਵੱਖ ਵਿੱਦਿਅਕ ਸੰਸਥਾਵਾਂ ਵੱਲੋਂ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਜੀਵਨ, ਸਨਾਤਨ ਸੰਸਕ੍ਰਿਤੀ ਅਤੇ ਧਾਰਮਿਕ ਇਤਿਹਾਸ ਨਾਲ ਸਬੰਧਤ ਮਨਮੋਹਕ ਝਾਕੀਆਂ ਸਜਾਈਆਂ ਗਈਆਂ। ਸ਼ਾਮ ਤੋਂ ਦੇਰ ਰਾਤ ਤੱਕ ਹਜ਼ਾਰਾਂ ਸ਼ਰਧਾਲੂਆਂ ਅਤੇ ਸ਼ਹਿਰ ਵਾਸੀਆਂ ਨੇ ਸਕੂਲ ਪਹੁੰਚ ਕੇ ਇਨ੍ਹਾਂ ਝਾਕੀਆਂ ਦੇ ਦਰਸ਼ਨ ਕੀਤੇ। ਐੱਸ.ਡੀ. ਸਭਾ ਦੇ ਚੇਅਰਮੈਨ ਡਾ. ਪੀਨਾਂਕ ਮੋਦਗਿੱਲ, ਪ੍ਰਧਾਨ ਡਾ. ਭੀਮ ਸੈਨ ਗਰਗ, ਜਨਰਲ ਸਕੱਤਰ ਸ਼ਿਵ ਸਿੰਗਲਾ ਅਤੇ ਸਭਾ ਦੇ ਹੋਰ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਸਮਾਗਮ ਵਿੱਚ ਪਹੁੰਚੇ ਪਤਵੰਤਿਆਂ ਅਤੇ ਸੰਗਤ ਦਾ ਨਿੱਘਾ ਸਵਾਗਤ ਕੀਤਾ ਗਿਆ। ਸਮਾਗਮ ਦੀ ਸ਼ੁਭ ਸ਼ੁਰੂਆਤ ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ ਵੱਲੋਂ ਝੰਡਾ ਲਹਿਰਾਉਣ ਅਤੇ ਜੋਤੀ ਪ੍ਰਚੰਡ ਕਰਨ ਦੀਆਂ ਰਸਮਾਂ ਅਦਾ ਕਰਕੇ ਕੀਤੀ ਗਈ। ਇਸ ਉਪਰੰਤ ਐੱਸ.ਪੀ. (ਡੀ) ਸੰਦੀਪ ਗੋਇਲ, ਪੰਜਾਬ ਕੇਸਰੀ/ਜਗਬਾਣੀ ਦੇ ਬਿਊਰੋ ਚੀਫ਼ ਵਿਵੇਕ ਸਿੰਧਵਾਨੀ ਅਤੇ ਵਰਿੰਦਾ ਐਨਕਲੇਵ ਦੇ ਐੱਮ.ਡੀ. ਸ੍ਰੀ ਜੋਸ਼ੀ ਵੱਲੋਂ ਸੇਂਗੋਲ ਦੀ ਸਥਾਪਨਾ ਕੀਤੀ ਗਈ। ਇਸ ਦੌਰਾਨ ਐੱਸ.ਡੀ. ਸਭਾ ਦੇ ਅਹੁਦੇਦਾਰਾਂ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਹਾਜ਼ਰੀ ਭਰੀ। ਮੀਤ ਹੇਅਰ ਨੇ ਸਮੂਹ ਸੰਗਤ ਨੂੰ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀ ਵਧਾਈ ਦਿੰਦਿਆਂ ਕਿਹਾ ਕਿ ਭਗਵਾਨ ਸ੍ਰੀ ਕ੍ਰਿਸ਼ਨ ਵੱਲੋਂ ਦਿੱਤਾ ਗਿਆ ਕਰਮ, ਧਰਮ ਅਤੇ ਸੱਚ ਦੇ ਮਾਰਗ 'ਤੇ ਚੱਲਣ ਦਾ ਸੰਦੇਸ਼ ਅੱਜ ਵੀ ਮਨੁੱਖਤਾ ਲਈ ਉਨਾ ਹੀ ਪ੍ਰਸੰਗਿਕ ਹੈ। ਉਨ੍ਹਾਂ ਐੱਸ.ਡੀ. ਸਭਾ ਵੱਲੋਂ ਧਾਰਮਿਕ ਵਿਰਸੇ ਅਤੇ ਸੰਸਕਾਰਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਵੀ ਕੀਤੀ। ਸਮਾਗਮ ਵਿੱਚ ਨਗਰ ਨਿਗਮ ਬਰਨਾਲਾ ਦੇ ਮੇਅਰ ਹਸਨਪ੍ਰੀਤ ਭਾਰਦਵਾਜ, ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਹਰਿੰਦਰ ਸਿੰਘ ਧਾਲੀਵਾਲ, ਜ਼ਿਲ੍ਹਾ ਯੋਜਨਾ ਬੋਰਡ ਬਰਨਾਲਾ ਦੇ ਚੇਅਰਮੈਨ ਪਰਮਿੰਦਰ ਭੰਗੂ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਰਾਮ ਤੀਰਥ ਮੰਨਾ, ਮਾਰਕੀਟ ਕਮੇਟੀ ਬਰਨਾਲਾ ਦੇ ਚੇਅਰਮੈਨ ਜਸਵਿੰਦਰ ਸਿੰਘ ਸੰਘੇੜਾ ਅਤੇ ਪੇਡਾ ਦੇ ਉਪ ਚੇਅਰਮੈਨ ਧੀਰਜ ਕੁਮਾਰ ਦੱਧਾਹੂਰ ਸਮੇਤ ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਆਮ ਆਦਮੀ ਪਾਰਟੀ ਦੇ ਕੌਂਸਲਰ ਰਜੀਵ ਲੂੰਬੀ, ਹਾਜ਼ਰ ਰਹੇ। ਇਸੇ ਤਰ੍ਹਾਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਕੁਲਵੰਤ ਸਿੰਘ ਕੀਤੂ, ਯਾਦਵਿੰਦਰ ਸਿੰਘ ਬਿੱਟੂ ਦੀਵਾਨਾ, ਸੰਜੀਵ ਸ਼ੋਰੀ, ਜਤਿੰਦਰ ਜਿੰਮੀ, ਠੇਕੇਦਾਰ ਬਿੰਦਰ ਸਿੰਘ ਲੌਂਗੋਵਾਲ, ਸਾਬਕਾ ਮੁੱਖ ਮੰਤਰੀ ਸ. ਸੁਰਜੀਤ ਸਿੰਘ ਬਰਨਾਲਾ ਦੇ ਪੋਤਰੇ ਐਡਵੋਕੇਟ ਸਿਮਰਪ੍ਰਤਾਪ ਸਿੰਘ ਬਰਨਾਲਾ, ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਨਰਿੰਦਰ ਗਰਗ ਨੀਟਾ, ਬਲਜਿੰਦਰ ਸਿੰਘ ਵੜਿੰਗ, ਪ੍ਰੇਮ ਪ੍ਰੀਤਮ ਜਿੰਦਲ, ਸੁਭਾਸ਼ ਮੱਕੜਾ, ਜਥੇਦਾਰ ਸੁਖਵੰਤ ਸਿੰਘ ਧਨੌਲਾ ਅਤੇ ਗੁਰਜਿੰਦਰ ਸਿੰਘ ਸਿੱਧੂ, ਅਕਾਲੀ ਦਲ ਵਾਰਸ ਪੰਜਾਬ ਦੇ ਹਲਕਾ ਇੰਚਾਰਜ ਗੁਰਵਿੰਦਰ ਸਿੰਘ ਗਿੰਦੀ, ਗੁਰਮੇਲ ਸਿੰਘ ਰੰਧਾਵਾ, ਜਦਕਿ ਕਾਂਗਰਸ ਪਾਰਟੀ ਵੱਲੋਂ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਦੇ ਪੁੱਤਰ ਅੰਗਦ ਪ੍ਰਤਾਪ ਸਿੰਘ ਢਿੱਲੋਂ ਅਤੇ ਮੱਖਣ ਸ਼ਰਮਾ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਵਾਈ ਐੱਸ.ਡੀ. ਸਭਾ ਦੇ ਚੇਅਰਮੈਨ ਡਾ. ਪੀਨਾਂਕ ਮੋਦਗਿੱਲ ਨੇ ਜੇਤੂ ਸੰਸਥਾਵਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਅਜਿਹੀਆਂ ਝਾਕੀਆਂ ਸਿਰਫ਼ ਧਾਰਮਿਕ ਪੇਸ਼ਕਾਰੀਆਂ ਨਹੀਂ, ਸਗੋਂ ਸਨਾਤਨ ਧਰਮ ਦੇ ਇਤਿਹਾਸ, ਮਹਾਨ ਪਰੰਪਰਾਵਾਂ ਅਤੇ ਜੀਵਨ ਮੁੱਲਾਂ ਨੂੰ ਜੀਵੰਤ ਰੂਪ ਵਿੱਚ ਨਵੀਂ ਪੀੜ੍ਹੀ ਸਾਹਮਣੇ ਪੇਸ਼ ਕਰਨ ਦਾ ਪ੍ਰਭਾਵਸ਼ਾਲੀ ਮਾਧਿਅਮ ਹਨ। ਉਨ੍ਹਾਂ ਕਿਹਾ ਕਿ ਐੱਸ.ਡੀ. ਸਭਾ ਹਰ ਸਾਲ ਇਸ ਮਹਾਉਤਸਵ ਨੂੰ ਹੋਰ ਵੀ ਵਿਸ਼ਾਲ ਅਤੇ ਪ੍ਰਭਾਵਸ਼ਾਲੀ ਬਣਾਉਣ ਲਈ ਯਤਨਸ਼ੀਲ ਰਹੇਗੀ। ਐੱਸ.ਡੀ. ਸਭਾ ਦੇ ਜਨਰਲ ਸਕੱਤਰ ਸ਼ਿਵ ਸਿੰਗਲਾ ਨੇ ਆਏ ਪਤਵੰਤਿਆਂ, ਸ਼ਹਿਰ ਵਾਸੀਆਂ ਅਤੇ ਹਜ਼ਾਰਾਂ ਸ਼ਰਧਾਲੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ੍ਰੀ ਕ੍ਰਿਸ਼ਨ ਜੀ ਨੇ ਅਧਰਮ ਅਤੇ ਹਨੇਰੇ ਨੂੰ ਦੂਰ ਕਰਕੇ ਸੰਸਾਰ ਨੂੰ ਸੱਚ, ਧਰਮ ਅਤੇ ਕਰਮ ਦਾ ਮਾਰਗ ਦਿਖਾਇਆ। ਉੱਘੇ ਲੇਖਕ ਓਮ ਪ੍ਰਕਾਸ਼ ਗਾਸੋ ਵੱਲੋਂ ਇਸ ਮੌਕੇ ਆਪਣੀਆਂ ਕਈ ਪੁਸਤਕਾਂ ਸੰਗਤ ਵਿੱਚ ਵੰਡੀਆਂ ਗਈਆਂ। ਐੱਸ.ਡੀ. ਸਭਾ ਦੇ ਚੇਅਰਮੈਨ ਡਾ. ਪੀਨਾਂਕ ਮੋਦਗਿੱਲ, ਪ੍ਰਧਾਨ ਡਾ. ਭੀਮ ਸੈਨ ਗਰਗ, ਜਨਰਲ ਸਕੱਤਰ ਸ਼ਿਵ ਸਿੰਗਲਾ ਅਤੇ ਸਭਾ ਮੈਂਬਰ ਕੁਲਵੰਤ ਰਾਏ ਗੋਇਲ, ਸੁਰਿੰਦਰ ਮਿੱਤਲ, ਜਤਿੰਦਰ ਗਰਗ, ਨਰਿੰਦਰ ਚੋਪੜਾ, ਪ੍ਰਵੀਨ ਸਿੰਗਲਾ, ਸਵਿੰਦਰ ਕੁਮਾਰ ਅਤੇ ਮਹੇਸ਼ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਨੇ ਸ੍ਰੀ ਕ੍ਰਿਸ਼ਨ ਜਨਮ ਉਤਸਵ ਨੂੰ ਸਮਰਪਿਤ ਮਹਾਂਆਰਤੀ ਵਿੱਚ ਹਿੱਸਾ ਲਿਆ। ਸਮਾਗਮ ਦੇ ਅੰਤ ਵਿੱਚ ਹਾਜ਼ਰ ਸੰਗਤ ਨੂੰ ਭੰਡਾਰਾ ਅਤੇ ਪ੍ਰਸ਼ਾਦ ਵਰਤਾਇਆ ਗਿਆ। ਹਜ਼ਾਰਾਂ ਲੋਕਾਂ ਦੀ ਸ਼ਮੂਲੀਅਤ, ਮਨਮੋਹਕ ਝਾਕੀਆਂ, ਭਜਨ-ਕੀਰਤਨ ਅਤੇ ਅੱਧੀ ਰਾਤ ਦੀ ਮਹਾਂਆਰਤੀ ਨਾਲ ਇਹ ਜਨਮ ਅਸ਼ਟਮੀ ਮਹਾਉਤਸਵ ਯਾਦਗਾਰੀ ਹੋ ਨਿੱਬੜਿਆ।

# ਮੋਹਨਜੀਤ ਸ਼ੇਰੋਂ ਐਕਸ਼ਨ ਕਮੇਟੀ ਵੱਲੋਂ ਰੱਖੇ ਸੰਗਰੂਰ ਰੋਸ ਧਰਨੇ ਚ ਸ਼ਾਮਿਲ ਹੋਏ ਜੀਤਮਹਿੰਦਰ ਸਿੰਘ ਸਿੱਧੂ



**ਤਲਵੰਡੀ ਸਾਬੋ/ਮੌੜ ਮੰਡੀ, 06 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਬੀਤੇ ਦਿਨ ਸੰਗਰੂਰ ਜਿਲ੍ਹੇ ਦੇ ਪਿੰਡ ਸ਼ੇਰੋਂ ਚ ਰੱਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਕਾਲਾ ਝੰਡਾ ਦਿਖਾ ਕੇ ਪ੍ਰਦਰਸ਼ਨ ਕਰਨ ਵਾਲੇ ਇੱਕ ਨੌਜਵਾਨ ਮੋਹਨਜੀਤ ਸਿੰਘ ਸ਼ੇਰੋਂ ਦੀ ਪੁਲਿਸ ਵੱਲੋਂ ਬੇਰਹਿਮੀ ਨਾਲ ਕੁੱਟਮਾਰ ਕਰਨ ਅਤੇ ਕਕਾਰਾਂ ਦੀ ਬੇਅਦਬੀ ਕਰਨ ਦੇ ਦੋਸ਼ ਲਾਉਦਿਆਂ ਕਾਰਵਾਈ ਦੀ ਮੰਗ ਨੂੰ ਲੈ ਕੇ ਮੋਹਨਜੀਤ ਸ਼ੇਰੋਂ ਐਕਸ਼ਨ ਕਮੇਟੀ ਵੱਲੋਂ ਸੰਗਰੂਰ ਪੁਲਿਸ ਲਾਈਨ ਸਾਹਮਣੇ ਰੱਖੇ ਰੋਸ ਧਰਨੇ ਚ ਕਾਂਗਰਸ ਦੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਵੀ ਸ਼ਮੂਲੀਅਤ ਕੀਤੀ। ਟੀਮ ਸਿੱਧੂ ਵੱਲੋਂ ਇੱਥੋਂ ਮੁਹੱਈਆ ਕਰਵਾਈ ਜਾਣਕਾਰੀ ਅਨੁਸਾਰ ਐਕਸ਼ਨ ਕਮੇਟੀ ਵੱਲੋਂ ਰੱਖੇ ਰੋਸ ਧਰਨੇ ਚ ਮੌੜ ਹਲਕਾ ਕਾਂਗਰਸ ਵੱਲੋਂ ਸ਼ਾਮਿਲ ਹੁੰਦਿਆਂ ਜੀਤਮਹਿੰਦਰ ਸਿੰਘ ਸਿੱਧੂ ਨੇ ਸਮੁੱਚੇ ਘਟਨਾਕ੍ਰਮ ਦੀ ਨਿੰਦਾ ਕੀਤੀ। ਰੋਸ ਧਰਨੇ ਚ ਹਾਜ਼ਰੀ ਭਰਨ ਉਪਰੰਤ ਗੱਲਬਾਤ ਕਰਦਿਆਂ ਸਾਬਕਾ ਵਿਧਾਇਕ ਸਿੱਧੂ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ 'ਆਪ' ਸਰਕਾਰ ਨੇ ਲੋਕਤੰਤਰੀ ਕਦਰਾਂ ਕੀਮਤਾਂ ਨੂੰ ਵੱਡੇ ਪੱਧਰ ਤੇ ਢਾਹ ਲਾਈ ਹੈ ਜਦੋਂਕਿ ਸੰਵਿਧਾਨ ਵੀ ਇਸ ਗੱਲ ਦੀ ਇਜ਼ਾਜਤ ਹਰੇਕ ਦੇਸ਼ ਵਾਸੀ ਨੂੰ ਦਿੰਦਾ ਹੈ ਕਿ ਉਹ ਸ਼ਾਂਤੀਪੂਰਬਕ ਵਿਰੋਧ ਪ੍ਰਦਰਸ਼ਨ ਦਾ ਹਿੱਸਾ ਬਣ ਸਕਦਾ ਹੈ ।ਉਨਾਂ ਕਿਹਾ ਕਿ ਵੈਸੇ ਤਾਂ ਅਗਲੇਰਾ ਫੈਸਲਾ ਐਕਸ਼ਨ ਕਮੇਟੀ ਨੇ ਲੈਣਾ ਹੈ ਪਰ ਰੋਸ ਧਰਨੇ ਚ ਸ਼ਾਮਿਲ ਕਾਂਗਰਸ ਦੀ ਸਮੁੱਚੀ ਲੀਡਰਸ਼ਿਪ ਨੇ ਆਪਣਾ ਸੁਝਾਅ ਦਿੱਤਾ ਹੈ ਕਿ ਪੂਰੇ ਮਾਮਲੇ ਦੀ ਹਾਈਕੋਰਟ ਦੇ ਮੌਜੂਦਾ ਜੱਜ ਤੋਂ ਜਾਂਚ ਕਰਵਾਉਣ ਦੀ ਮੰਗ ਰੱਖਣੀ ਚਾਹਿਦੀ ਹੈ ਤਾਂਕਿ ਮੋਹਨਜੀਤ ਨੂੰ ਇਨਸਾਫ ਦਵਾਇਆ ਜਾ ਸਕੇ ।ਸਿੱਧੂ ਨੇ ਕਿਹਾ ਕਿ ਉਹ ਸਿਰਫ ਸਿਆਸੀ ਆਗੂ ਹੀ ਨਹੀ ਸਗੋਂ ਇਨਸਾਨੀਅਤ ਨਾਤੇ ਵੀ ਪੀੜਿਤ ਦੇ ਪਰਿਵਾਰ ਨਾਲ ਖੜੇ ਹਨ ਤੇ ਜੋ ਵੀ ਅੱਗੇ ਪ੍ਰੋਗਰਾਮ ਉਲੀਕਿਆ ਜਾਵੇਗਾ ਉਸ ਚ ਸਹਿਯੋਗ ਦੇਣਗੇ।

# ਚੌਹਾਨ ਵੰਸ਼ ਦਾ ਸ਼ਾਨਦਾਰ ਇਤਿਹਾਸ: ਚੌਥੇ ਪਾਤਸ਼ਾਹ ਸ਼੍ਰੀ ਗੁਰੂ ਰਾਮਦਾਸ ਜੀ ਦੇ ਗੁਰਗੱਦੀ ਕਾਲ ਨਾਲ ਜੁੜਦੀਆਂ ਹਨ ਪਿੰਡ ਬਲਬੇੜਾ ਤੇ ਚਰਾਸੋਂ ਦੀਆਂ ਜੜ੍ਹਾਂ

ਹਲਦੀਘਾਟੀ ਦੇ ਦੌਰ ਤੋਂ ਘੱਗਰ ਬੈਲਟ ਤੱਕ ਦਾ ਸਫ਼ਰ: ਜਾਣੋ ਪਿੰਡ ਬਲਬੇੜਾ ਅਤੇ ਚਰਾਸੋਂ ਦੇ ਚੌਹਾਨਾਂ ਦਾ 16ਵੀਂ ਸਦੀ ਦਾ ਵਿਰਾਸਤੀ ਪਿਛੋਕੜ

ਸਮਰਾਟ ਪ੍ਰਿਥਵੀਰਾਜ ਚੌਹਾਨ ਦੇ ਵੰਸ਼ਜਾਂ ਦਾ ਪੰਜਾਬ 'ਚ ਆਗਮਨ: ਬਾਬਾ ਮਾਨ ਸਿੰਘ ਤੇ ਬਾਬਾ ਕਾਹਨ ਸਿੰਘ ਨਾਲ ਜੁੜਿਆ ਬਲਬੇੜਾ-ਚਰਾਸੋਂ ਦਾ ਇਤਿਹਾਸਿਕ ਨਿਕਾਸ

**ਇਤਿਹਾਸਿਕ ਸਰੋਤਾਂ ਅਨੁਸਾਰ ਪੂਰਾ ਵਿਸਥਾਰ-** 16ਵੀਂ ਸਦੀ ਦਾ ਕਾਲਖੰਡ ਅਤੇ ਸ਼੍ਰੀ ਗੁਰੂ ਰਾਮਦਾਸ ਜੀ ਦਾ ਗੁਰਗੱਦੀ ਕਾਲ ਇਤਿਹਾਸਿਕ ਸਰੋਤਾਂ ਅਤੇ ਮੌਖਿਕ ਰਿਕਾਰਡਾਂ ਦੀ ਪੜਚੋਲ ਤੋਂ ਇਹ ਤੱਥ ਸਪੱਸ਼ਟ ਹੁੰਦਾ ਹੈ ਕਿ ਪਿੰਡ ਬਲਬੇੜਾ ਅਤੇ ਨਜ਼ਦੀਕੀ ਪਿੰਡ ਚਰਾਸੋਂ ਦਾ ਇਤਿਹਾਸਿਕ ਪਿਛੋਕੜ 16ਵੀਂ ਸਦੀ ਦੇ ਉੱਤਰਾਰਧ (1570ਈ. ਤੋਂ 1580ਈ.) ਨਾਲ ਸਿੱਧਾ ਸਬੰਧਿਤ ਹੈ। ਇਹ ਉਹੀ ਸਮਾਂ ਸੀ ਜਦੋਂ ਸਿੱਖ ਧਰਮ ਦੇ ਚੌਥੇ ਰਹਿਬਰ ਸ਼੍ਰੀ ਗੁਰੂ ਰਾਮਦਾਸ ਜੀ (ਗੁਰਗੱਦੀ ਕਾਲ: 1574ਈ. ਤੋਂ 1581ਈ.) ਗੁਰਗੱਦੀ 'ਤੇ ਬਿਰਾਜਮਾਨ ਸਨ ਅਤੇ ਸ਼੍ਰੀ ਅੰਮ੍ਰਿਤਸਰ ਸਾਹਿਬ ਦੀ ਸਥਾਪਨਾ ਦਾ ਮਹਾਨ ਕਾਰਜ ਚੱਲ ਰਿਹਾ ਸੀ।

ਹਲਦੀਘਾਟੀ ਦਾ ਯੁੱਧ ਅਤੇ ਚੌਹਾਨਾਂ ਦਾ ਪ੍ਰਵਾਸ

ਉੱਤਰ-ਪੱਛਮੀ ਭਾਰਤ ਵਿੱਚ ਇਹ ਦੌਰ ਰਾਜਪੂਤਾਨਾ ਅਤੇ ਮੁਗਲ ਸਲਤਨਤ ਵਿਚਕਾਰ ਬਹੁਤ ਵੱਡੇ ਰਾਜਨੀਤਿਕ ਹੇਰ-ਫੇਰ ਦਾ ਸੀ। ਸੰਨ 1576 ਵਿੱਚ ਮਹਾਰਾਣਾ ਪ੍ਰਤਾਪ ਅਤੇ ਅਕਬਰ ਦੀਆਂ ਫੌਜਾਂ ਵਿਚਕਾਰ ਹਲਦੀਘਾਟੀ ਦਾ ਪ੍ਰਸਿੱਧ ਯੁੱਧ ਲੜਿਆ ਗਿਆ। ਚੌਹਾਨ ਵੰਸ਼ ਦੇ ਯੋਧੇ ਇਸ ਇਤਿਹਾਸਿਕ ਘਟਨਾਕ੍ਰਮ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਸਨ। ਇਤਿਹਾਸਿਕ ਰਿਕਾਰਡਾਂ ਅਤੇ ਪਿੰਡ ਦੇ ਬਜ਼ੁਰਗਾਂ ਦੀਆਂ ਰਵਾਇਤਾਂ ਅਨੁਸਾਰ, ਇਸੇ ਦੌਰ ਦੇ ਰਾਜਪੂਤਾਨਾ ਯੁੱਧਾਂ ਤੋਂ ਬਾਅਦ ਚੌਹਾਨਾਂ ਦੀਆਂ ਵੱਖ-ਵੱਖ ਸ਼ਾਖਾਵਾਂ ਨੇ ਦਿੱਲੀ ਅਤੇ ਉੱਤਰੀ ਹਰਿਆਣਾ ਦੇ ਰਸਤੇ ਪੰਜਾਬ ਵੱਲ ਪ੍ਰਵਾਸ ਕੀਤਾ।

ਬਾਬਾ ਮਾਨ ਸਿੰਘ, ਬਾਬਾ ਕਾਹਨ ਸਿੰਘ ਅਤੇ ਬਲਬੇੜਾ-ਚਰਾਸੋਂ ਦਾ ਮੁੱਢ

ਵਹੀ-ਭਾਟਾਂ ਦੇ ਰਿਕਾਰਡਾਂ ਅਤੇ ਪਿੰਡ ਦੇ ਬਜ਼ੁਰਗਾਂ ਅਨੁਸਾਰ, ਚੌਹਾਨ ਵੰਸ਼ ਦੀ ਇਸੇ ਲੜੀ ਵਿੱਚ ਸੂਰਬੀਰ ਬਾਬਾ ਮਾਨ ਸਿੰਘ ਦੇ ਵੰਸ਼ਜ ਬਾਬਾ ਕਾਹਨ ਸਿੰਘ ਨੇ ਘੱਗਰ ਨਦੀ ਦੇ ਮੈਦਾਨੀ ਖੇਤਰ ਵਿੱਚ ਆ ਕੇ ਆਪਣੀ ਬੰਨ੍ਹ-ਛੋਹ ਕੀਤੀ। ਪਟਿਆਲਾ-ਚੀਕਾ ਮਾਰਗ 'ਤੇ ਸਥਿਤ ਪਿੰਡ ਬਲਬੇੜਾ ਅਤੇ ਇਸ ਦੇ ਨਾਲ ਲਗਦਾ ਪਿੰਡ ਚਰਾਸੋਂ ਇੱਕੋ ਹੀ ਪਰਿਵਾਰਿਕ ਲੜੀ ਅਤੇ ਵੰਸ਼ਜਾਂ ਦੇ ਫੈਲਾਅ ਨਾਲ ਆਬਾਦ ਹੋਏ। ਪਿੰਡ ਚਰਾਸੋਂ ਨੂੰ ਇਸ ਇਲਾਕੇ ਵਿੱਚ ਚੌਹਾਨਾਂ ਦਾ ਵੱਡਾ ਗੜ੍ਹ ਮੰਨਿਆ ਜਾਂਦਾ ਹੈ, ਜਿਸ ਦੀ ਭਾਈਚਾਰਕ ਅਤੇ ਇਤਿਹਾਸਿਕ ਸਾਂਝ ਬਲਬੇੜਾ ਨਾਲ ਅਨਿਖੜਵੇਂ ਰੂਪ ਵਿੱਚ ਜੁੜੀ ਹੋਈ ਹੈ।

**ਸਾਰ-ਅੰਸ਼**-ਇਤਿਹਾਸਿਕ ਦਸਤਾਵੇਜ਼ਾਂ ਅਤੇ ਪਿੰਡ ਦੀਆਂ ਸਾਖੀਆਂ ਦੀ ਪੜਚੋਲ ਇਹ ਮੁਕੰਮਲ ਤਸਵੀਰ ਪੇਸ਼ ਕਰਦੀ ਹੈ ਕਿ ਪਿੰਡ ਬਲਬੇੜਾ ਅਤੇ ਚਰਾਸੋਂ ਦੇ ਚੌਹਾਨਾਂ ਦੀਆਂ ਜੜ੍ਹਾਂ ਰਾਜਸਥਾਨ ਦੀ ਰਾਜਪੂਤਾਨਾ ਵਿਰਾਸਤ, ਹਲਦੀਘਾਟੀ ਦੇ ਇਤਿਹਾਸਿਕ ਦੌਰ ਅਤੇ ਸ਼੍ਰੀ ਗੁਰੂ ਰਾਮਦਾਸ ਜੀ ਦੇ ਪਵਿੱਤਰ ਗੁਰਗੱਦੀ ਸਮੇਂ (16ਵੀਂ ਸਦੀ) ਨਾਲ ਬਹੁਤ ਗੌਰਵਸ਼ਾਲੀ ਢੰਗ ਨਾਲ ਜੁੜੀਆਂ ਹੋਈਆਂ ਹਨ।

**-ਪਰਗਟ ਸਿੰਘ ਬਲਬੇੜਾ**
**9022000070**